Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More Info Call us or Whatsapp:
+91-988881 88887, 988882 88887
weddingsea@gmail.com
seadesigncompany
SEA DESIGN COMPANY

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 9 Chief Editor : Chowdhary Prabhjit Singh, Editor : Chhatarpal Singh 98145-32807, Thursday 18 June 2026 Price : 2 Rs. Page : 6

## ਹਰਿਆਣਾ 'ਚ ਭਾਰਤ-ਇਜ਼ਰਾਈਲ ਦੇ 35ਵੇਂ ਸੈਂਟਰ ਆਫ਼ ਐਕਸੀਲੈਂਸ ਦਾ ਉਦਘਾਟਨ

**ਚੰਡੀਗੜ੍ਹ, 17 ਜੂਨ**
**-ਸੰਜੀਵ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਅਤੇ ਭਾਰਤ ਵਿੱਚ ਇਜ਼ਰਾਈਲ ਦੇ ਰਾਜਦੂਤ ਰੂਵੇਨ ਅਜ਼ਾਰ ਨੇ ਭਾਰਤ ਵਿੱਚ 35ਵੇਂ ਭਾਰਤ-ਇਜ਼ਰਾਈਲ ਸੈਂਟਰ ਆਫ਼ ਐਕਸੀਲੈਂਸ (Indo-Israel Centre of Excellence) ਦਾ ਉਦਘਾਟਨ ਕੀਤਾ।



'ਐਕਸ' 'ਤੇ ਇੱਕ ਪੋਸਟ ਵਿੱਚ ਭਾਰਤ ਸਥਿਤ ਇਜ਼ਰਾਈਲੀ ਦੂਤਾਵਾਸ ਨੇ ਕਿਹਾ, ਭਾਰਤ-ਇਜ਼ਰਾਈਲ ਖੇਤੀਬਾੜੀ ਭਾਈਵਾਲੀ ਲਗਾਤਾਰ ਵਧ ਰਹੀ ਹੈ। ਭਾਰਤ ਵਿੱਚ 35ਵੇਂ ਭਾਰਤ-ਇਜ਼ਰਾਈਲ ਸੈਂਟਰ ਆਫ਼ ਐਕਸੀਲੈਂਸ, ਅਤੇ IIAP ਦੇ ਤਹਿਤ ਹਰਿਆਣਾ ਦੇ 6ਵੇਂ ਕੇਂਦਰ ਦਾ ਉਦਘਾਟਨ ਝੱਜਰ ਦੇ ਮੁਨੀਮਪੁਰ ਵਿਖੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ, ਰਾਜ ਦੇ ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ, ਅਤੇ ਭਾਰਤ ਵਿੱਚ ਇਜ਼ਰਾਈਲ ਦੇ ਰਾਜਦੂਤ ਰੂਵੇਨ ਅਜ਼ਾਰ ਦੁਆਰਾ 3,500 ਤੋਂ ਵੱਧ ਕਿਸਾਨਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ।

ਭਾਰਤ ਅਤੇ ਇਜ਼ਰਾਈਲ ਦਰਮਿਆਨ ਖੇਤੀਬਾੜੀ ਦੇ ਖੇਤਰ ਵਿੱਚ ਜੀ-ਟੂ-ਜੀ (727 - ਸਰਕਾਰ ਤੋਂ ਸਰਕਾਰ) ਪੱਧਰ 'ਤੇ ਰਣਨੀਤਕ ਸਹਿਯੋਗ ਹੈ। ਇਹ ਭਾਈਵਾਲੀ ਦੋਵਾਂ ਦੇਸ਼ਾਂ ਵਿਚਾਲੇ ਹਸਤਾਖਰ ਕੀਤੇ ਗਏ ਇੱਕ ਸਹਿਮਤੀ ਪੱਤਰ (MOU) ਦੇ ਅਧਾਰ 'ਤੇ ਭਾਰਤ-ਇਜ਼ਰਾਈਲ ਖੇਤੀਬਾੜੀ ਪ੍ਰੋਜੈਕਟ (IIAP) ਵਜੋਂ ਵਿਕਸਤ ਹੋਈ ਹੈ।

ਇਸ ਪ੍ਰੋਜੈਕਟ ਦਾ ਉਦੇਸ਼ ਫਸਲੀ ਵਿਭਿੰਨਤਾ ਲਿਆਉਣਾ, ਉਤਪਾਦਕਤਾ ਵਧਾਉਣਾ ਅਤੇ ਪਾਣੀ ਦੀ ਵਰਤੋਂ ਦੀ ਕੁਸ਼ਲਤਾ ਨੂੰ ਬਿਹਤਰ ਬਣਾਉਣਾ ਹੈ। IIAP ਨੂੰ ਸੈਂਟਰਜ਼ ਆਫ਼ ਐਕਸੀਲੈਂਸ (3✿5) ਦੀ ਸਥਾਪਨਾ ਰਾਹੀਂ ਲਾਗੂ ਕੀਤਾ ਜਾਂਦਾ ਹੈ ਜੋ ਪ੍ਰਦਰਸ਼ਨੀ ਫਾਰਮਾਂ (demonstration farms) ਵਜੋਂ ਕੰਮ ਕਰਦੇ ਹਨ, ਜਿੱਥੇ ਇਜ਼ਰਾਈਲੀ ਖੇਤੀ-ਤਕਨੀਕਾਂ ਅਤੇ ਗਿਆਨ ਦਾ ਪ੍ਰਸਾਰ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਸਥਾਨਕ ਭਾਰਤੀ ਸਥਿਤੀਆਂ ਦੇ ਅਨੁਕੂਲ ਬਣਾਇਆ ਜਾਂਦਾ ਹੈ।

ਭਾਰਤ ਦੀ ਕੇਂਦਰੀ ਸਰਕਾਰ ਅਤੇ ਰਾਜ ਵਿਭਾਗ ਮੁੱਖ ਫਸਲਾਂ ਨੂੰ ਨਿਰਧਾਰਤ ਕਰਕੇ ਅਤੇ ਗਤੀਵਿਧੀਆਂ ਨੂੰ ਮਨਜ਼ੂਰੀ ਦੇ ਕੇ ਇਸ ਭਾਈਵਾਲੀ ਦੀ ਅਗਵਾਈ ਕਰਦੇ ਹਨ। ਇਜ਼ਰਾਈਲੀ ਹਿੱਸੇਦਾਰ, ਮਾਸ਼ਵ (MASHAV) – CoE ਦੇ ਮਿਆਰਾਂ ਦਾ ਮਾਰਗਦਰਸ਼ਨ ਕਰ ਰਿਹਾ ਹੈ ਅਤੇ ਇਜ਼ਰਾਈਲੀ ਗਿਆਨ ਨੂੰ ਤਬਦੀਲ ਕਰ ਰਿਹਾ ਹੈ।

MIDH (ਬਾਗਬਾਨੀ ਦੇ ਏਕੀਕ੍ਰਿਤ ਵਿਕਾਸ ਲਈ ਮਿਸ਼ਨ) ਇਸ ਪ੍ਰੋਜੈਕਟ ਨੂੰ ਅਧਿਕਾਰਤ, ਬਜਟ ਅਤੇ ਨਿਗਰਾਨੀ ਪ੍ਰਦਾਨ ਕਰਦਾ ਹੈ। ਰਾਜ ਸਰਕਾਰਾਂ ਸਟਾਫ, ਜ਼ਮੀਨ, ਬਜਟ ਅਲਾਟ ਕਰਦੀਆਂ ਹਨ ਅਤੇ CoE ਦਾ ਪ੍ਰਬੰਧਨ ਕਰਦੀਆਂ ਹਨ।

ਮਾਸ਼ਵ (MASHAV - ਇੰਟਰਨੈਸ਼ਨਲ ਡਿਵੈਲਪਮੈਂਟ ਕੋਆਪ੍ਰੇਸ਼ਨ ਲਈ ਇਜ਼ਰਾਈਲ ਦੀ ਏਜੰਸੀ) - ਰਣਨੀਤਕ ਅਤੇ ਵਿਵਹਾਰਕ ਪਹਿਲੂਆਂ ਤੋਂ IIAP ਦੀ ਅਗਵਾਈ ਕਰ ਰਹੀ ਹੈ।

ਇਹ ਯੋਜਨਾਬੰਦੀ ਅਤੇ ਲਾਗੂ ਕਰਨ ਦੇ ਪੜਾਅ ਦੌਰਾਨ ਪੇਸ਼ੇਵਰ ਲੀਡਰਸ਼ਿਪ ਪ੍ਰਦਾਨ ਕਰਦੀ ਹੈ, ਅਤੇ ਇਜ਼ਰਾਈਲੀ ਗਿਆਨ ਤੇ ਖੇਤੀ-ਤਕਨੀਕ (Agro-Technology) ਨੂੰ ਤਬਦੀਲ ਕਰਦੀ ਹੈ। ਇਜ਼ਰਾਈਲ ਦਾ ਦੂਤਾਵਾਸ - ਮਾਸ਼ਵ (MASHAV) ਦੀਆਂ ਗਤੀਵਿਧੀਆਂ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦਾ ਹੈ।

ਭਾਰਤ-ਇਜ਼ਰਾਈਲ ਸੈਂਟਰਜ਼ ਆਫ਼ ਐਕਸੀਲੈਂਸ (3✿5) ਸਥਾਨਕ ਸਥਿਤੀਆਂ ਦੇ ਅਨੁਕੂਲ ਇਜ਼ਰਾਈਲੀ ਖੇਤੀ-ਤਕਨੀਕ ਦੇ ਗਿਆਨ ਦੇ ਤਬਾਦਲੇ ਲਈ ਉੱਨਤ/ਸੰਘਣੇ ਖੇਤੀਬਾੜੀ ਫਾਰਮ ਹਨ। 3✿5 ਦਾ ਉਦੇਸ਼ ਚੋਣਵੀਆਂ ਮੁੱਖ ਫਸਲਾਂ 'ਤੇ ਧਿਆਨ ਕੇਂਦਰਿਤ ਕਰਕੇ ਕਿਸਾਨਾਂ ਨੂੰ ਲਾਭ ਪਹੁੰਚਾਉਣਾ ਹੈ। ਹਰੇਕ 3✿5 ਵਿੱਚ ਨਰਸਰੀ ਪ੍ਰਬੰਧਨ, ਖੇਤੀਬਾੜੀ ਦੀਆਂ ਸਰਵੋਤਮ ਅਭਿਆਸ ਤਕਨੀਕਾਂ, ਸਿੰਚਾਈ ਅਤੇ ਫਰਟੀਗੇਸ਼ਨ (ਸਿੰਚਾਈ ਦੇ ਪਾਣੀ ਨਾਲ ਖਾਦ ਦੇਣਾ) ਸ਼ਾਮਲ ਹੋਣਗੇ।

## ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੈਥਾਨੌਲ ਨੂੰ ਨਿਯਮਤ ਕਰਨ ਅਤੇ ਜ਼ਹਿਰੀਲੀ ਸ਼ਰਾਬ ਦੇ ਦੁਖਾਂਤਾਂ ਨੂੰ ਰੋਕਣ ਲਈ ਤੁਰੰਤ ਕੇਂਦਰੀ ਕਾਨੂੰਨ ਬਣਾਉਣ ਦੀ ਮੰਗ

### ਪੰਜਾਬ ਸਰਕਾਰ ਨੇ ਦੇਸ਼ ਵਿਆਪੀ ਨਿਗਰਾਨੀ ਲਈ ਕੇਂਦਰ ਸਰਕਾਰ ਨੂੰ 5-ਨੁਕਾਤੀ ਪ੍ਰਸਤਾਵ ਭੇਜਿਆ: ਹਰਪਾਲ ਸਿੰਘ ਚੀਮਾ

**ਚੰਡੀਗੜ੍ਹ, 17 ਜੂਨ**
**-ਸ.ਅ.ਬਿਓਰੋ-**

ਪੰਜਾਬ ਦੇ ਵਿੱਤ ਅਤੇ ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕੇਂਦਰ ਸਰਕਾਰ ਨੂੰ ਮਿਥਾਈਲ ਅਲਕੋਹਲ (ਮੈਥਾਨੌਲ) ਨੂੰ ਨਿਯਮਤ ਅਤੇ ਨਿਗਰਾਨੀ ਕਰਨ ਲਈ ਤੁਰੰਤ ਅਤੇ ਫੈਸਲਾਕੁੰਨ ਕਦਮ ਚੁੱਕਣ ਦੀ ਅਪੀਲ ਕੀਤੀ ਹੈ। ਉਨ੍ਹਾਂ ਨੇ ਕੀਮਤੀ ਮਨੁੱਖੀ ਜਾਨਾਂ ਬਚਾਉਣ ਅਤੇ ਭਵਿੱਖ ਵਿੱਚ ਜ਼ਹਿਰੀਲੀ ਸ਼ਰਾਬ ਦੇ ਦੁਖਾਂਤ ਨੂੰ ਰੋਕਣ ਲਈ ਇੱਕ ਵਿਸ਼ੇਸ਼ ਕੇਂਦਰੀ ਕਾਨੂੰਨ ਬਣਾਉਣ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਵਿੱਤ ਮੰਤਰੀ ਨੇ ਅੱਜ ਇੱਥੇ ਇਹ ਵਿਚਾਰ ਆਬਕਾਰੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਡੀ.ਕੇ. ਤਿਵਾੜੀ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਿਤੇਂਦਰ ਜੋਰਵਾਲ ਨਾਲ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪ੍ਰਗਟ ਕੀਤੇ।

ਮੈਥਾਨੌਲ ਦੀ ਢੋਆ ਢੋਆਈ ਅਤੇ ਪ੍ਰਬੰਧਕੀ ਮੁਸ਼ਕਲਾਂ ਬਾਰੇ ਵਿਸਥਾਰ ਵਿੱਚ ਦੱਸਦਿਆਂ, ਆਬਕਾਰੀ ਮੰਤਰੀ ਚੀਮਾ ਨੇ ਕਿਹਾ ਕਿ ਭਾਰਤ ਵਿੱਚ ਵਰਤੀ ਜਾਣ ਵਾਲੀ ਲਗਭਗ 90 ਪ੍ਰਤੀਸ਼ਤ ਮੈਥਾਨੌਲ ਵਿਦੇਸ਼ਾਂ ਤੋਂ ਦਰਾਮਦ ਕੀਤੀ ਜਾਂਦੀ ਹੈ।



ਉਨ੍ਹਾਂ ਕਿਹਾ ਕਿ ਵੱਖ-ਵੱਖ ਬੰਦਰਗਾਹਾਂ ਅਤੇ ਕਸਟਮ ਪੁਆਇੰਟਾਂ ਰਾਹੀਂ ਦੇਸ਼ ਵਿੱਚ ਦਾਖਲ ਹੋਣ ਤੋਂ ਬਾਅਦ, ਇਹ ਖ਼ਤਰਨਾਕ ਰਸਾਇਣ ਆਪਣੇ ਨਿਰਧਾਰਤ ਉਦਯੋਗਿਕ ਖਪਤਕਾਰਾਂ ਤੱਕ ਪਹੁੰਚਣ ਤੋਂ ਪਹਿਲਾਂ ਕਈ ਰਾਜਾਂ ਦੀਆਂ ਸਰਹੱਦਾਂ ਨੂੰ ਪਾਰ ਕਰਦਾ ਹੈ।

ਆਬਕਾਰੀ ਮੰਤਰੀ ਨੇ ਅੱਗੇ ਕਿਹਾ, ਕਿਉਂਕਿ ਮੈਥਾਨੌਲ ਆਪਣੀ ਯਾਤਰਾ ਦੌਰਾਨ ਕਈ ਅੰਤਰ-ਰਾਜ ਸਰਹੱਦਾਂ ਨੂੰ ਪਾਰ ਕਰਦਾ ਹੈ, ਇਸ ਲਈ ਇਸਦੀ ਆਵਾਜਾਈ ਸਿੱਧੇ ਤੌਰ 'ਤੇ ਭਾਰਤ ਦੇ ਸੰਵਿਧਾਨ ਦੀ ਸੱਤਵੀਂ ਅਨੁਸੂਚੀ ਦੀ ਸੂਚੀ-1 ਦੀ ਐਂਟਰੀ 41 ਦੇ ਅਧੀਨ ਆਉਂਦੀ ਹੈ, ਜੋ ਵਿਦੇਸ਼ਾਂ ਨਾਲ ਵਪਾਰ ਅਤੇ ਅੰਤਰ-ਰਾਜ ਵਪਾਰ ਨੂੰ ਨਿਯੰਤ੍ਰਿਤ ਕਰਦੀ ਹੈ।

## ਬਿਹਾਲਾ ਦੀ ਲੋਕ ਮਿਲਣੀ ਦੌਰਾਨ ਸੀਐਮ ਮਾਨ ਨੇ ਕੀਤੇ ਕਈ ਵੱਡੇ ਐਲਾਨ, ਵਿਕਾਸ ਲਈ 51 ਲੱਖ ਰੁਪਏ ਦੀ ਗ੍ਰਾਂਟ



ਹੁਸ਼ਿਆਰਪੁਰ, 17 ਜੂਨ 2026 (ਛਤਰਪਾਲ ਸਿੰਘ): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਹੁਸ਼ਿਆਰਪੁਰ ਦੇ ਪਿੰਡ ਬਿਹਾਲਾ ਵਿਖੇ ਕਰਵਾਈ ਗਈ 'ਲੋਕ ਮਿਲਣੀ' ਦੌਰਾਨ ਲੋਕਾਂ ਵੱਲੋਂ ਮਿਲੇ ਭਰਪੂਰ ਸਹਿਯੋਗ ਅਤੇ ਪਿਆਰ ਲਈ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਦਾ ਇਹ ਵਿਸ਼ਵਾਸ ਸਰਕਾਰ ਦੀਆਂ ਲੋਕ-ਹਿਤੈਸ਼ੀ ਨੀਤੀਆਂ ਦੀ ਸਫ਼ਲਤਾ ਦਾ ਪ੍ਰਤੀਕ ਹੈ।

**1 ਜੁਲਾਈ ਤੋਂ 'ਮਾਵਾਂ ਧੀਆਂ ਸਤਿਕਾਰ ਯੋਜਨਾ' ਵੀ ਸ਼ੁਰੂ**

ਸਮਾਗਮ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਅੱਗੇ ਵੱਧ ਰਹੇ ਹਨ ਅਤੇ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਲਈ ਅਹਿਮ ਫ਼ੈਸਲੇ ਲਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਬੇਅਦਬੀ ਦੀਆਂ ਘਟਨਾਵਾਂ ਖ਼ਿਲਾਫ਼ ਸਖ਼ਤ ਕਾਨੂੰਨ ਲਾਗੂ ਕਰਨ ਤੋਂ ਬਾਅਦ ਹੁਣ 1 ਜੁਲਾਈ ਤੋਂ 'ਮਾਵਾਂ ਧੀਆਂ ਸਤਿਕਾਰ ਯੋਜਨਾ' ਵੀ ਸ਼ੁਰੂ ਕੀਤੀ ਜਾਵੇਗੀ।

**ਸਰਕਾਰ ਦੀ ਪਾਰਦਰਸ਼ੀ ਅਤੇ ਲੋਕ-ਕੇਂਦਰਿਤ ਕਾਰਗੁਜ਼ਾਰੀ**

ਮੁੱਖ ਮੰਤਰੀ ਨੇ ਕਿਹਾ ਕਿ ਘਰੇਲੂ ਖਪਤਕਾਰਾਂ ਲਈ ਜ਼ੀਰੋ ਬਿਜਲੀ ਬਿੱਲ, ਮੁਫ਼ਤ ਇਲਾਜ ਦੀ ਸਹੂਲਤ, ਸਿੱਖਿਆ ਖੇਤਰ ਵਿੱਚ ਸੁਧਾਰ ਅਤੇ ਯੋਗਤਾ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਸਰਕਾਰ ਦੀ ਪਾਰਦਰਸ਼ੀ ਅਤੇ ਲੋਕ-ਕੇਂਦਰਿਤ ਕਾਰਗੁਜ਼ਾਰੀ ਨੂੰ ਦਰਸਾਉਂਦੀਆਂ ਹਨ। ਇਸ ਮੌਕੇ ਉਨ੍ਹਾਂ ਪਿੰਡ ਬਿਹਾਲਾ ਦੇ ਵਿਕਾਸ ਲਈ ਨਵੇਂ ਆਂਗਣਵਾੜੀ ਕੇਂਦਰ ਅਤੇ ਕਮਿਊਨਿਟੀ ਹਾਲ ਦੇ ਨਿਰਮਾਣ ਵਾਸਤੇ 51 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਪਿੰਡ ਪੰਚਾਇਤ ਨੂੰ ਸੌਂਪਿਆ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਦੇ ਹਰ ਪਿੰਡ ਨੂੰ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਕੇ ਖੁਸ਼ਹਾਲ ਅਤੇ ਵਿਕਸਤ ਬਣਾਉਣ ਲਈ ਸਰਕਾਰ ਪੂਰੀ ਤਨਦੇਹੀ ਨਾਲ ਕੰਮ ਕਰ ਰਹੀ ਹੈ।

## ਮਹਿਲਾ ਮੁਲਾਜ਼ਮਾਂ ਲਈ ਪੰਜਾਬ ਸਰਕਾਰ ਦੀ ਵੱਡੀ ਰਾਹਤ, ਘਰ ਤੋਂ 40 ਕਿਲੋਮੀਟਰ ਅੰਦਰ ਹੋਵੇਗੀ ਤਾਇਨਾਤੀ

**ਚੰਡੀਗੜ੍ਹ, 17 ਜੂਨ/-ਮਨੋਜ ਸ਼ਰਮਾ-**

ਪੰਜਾਬ ਸਰਕਾਰ ਨੇ ਮਹਿਲਾ ਮੁਲਾਜ਼ਮਾਂ ਦੀਆਂ ਮੁਸ਼ਕਲਾਂ ਨੂੰ ਘਟਾਉਣ ਅਤੇ ਉਨ੍ਹਾਂ ਨੂੰ ਬਿਹਤਰ ਕੰਮਕਾਜੀ ਮਾਹੌਲ ਮੁਹੱਈਆ ਕਰਵਾਉਣ ਲਈ ਇੱਕ ਮਹੱਤਵਪੂਰਨ ਫ਼ੈਸਲਾ ਲਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਮੀਟਿੰਗ ਦੌਰਾਨ ਇਹ ਫ਼ੈਸਲਾ ਕੀਤਾ ਗਿਆ ਕਿ ਗਰੁੱਪ 3 ਅਤੇ 4 ਦੀਆਂ ਮਹਿਲਾ ਕਰਮਚਾਰੀਆਂ ਨੂੰ ਪ੍ਰੋਬੇਸ਼ਨ ਮਿਆਦ ਪੂਰੀ ਹੋਣ ਮਗਰੋਂ ਉਨ੍ਹਾਂ ਦੇ ਘਰ ਦੇ ਨੇੜੇ ਤਾਇਨਾਤ ਕੀਤਾ ਜਾਵੇਗਾ।

**ਮਹਿਲਾਵਾਂ ਨੂੰ ਲੰਬੇ ਸਫ਼ਰ ਦੀ ਦਿੱਕਤ ਤੋਂ ਮਿਲੇਗੀ ਰਾਹਤ**

ਨਵੀਂ ਨੀਤੀ ਅਨੁਸਾਰ ਮਹਿਲਾ ਮੁਲਾਜ਼ਮਾਂ ਦੀ ਪੋਸਟਿੰਗ ਉਨ੍ਹਾਂ ਦੇ ਨਿਵਾਸ ਸਥਾਨ ਤੋਂ 40 ਕਿਲੋਮੀਟਰ ਦੇ ਦਾਇਰੇ ਅੰਦਰ ਕਰਨ ਨੂੰ ਤਰਜੀਹ ਦਿੱਤੀ ਜਾਵੇਗੀ। ਸਰਕਾਰ ਦਾ ਮੰਨਣਾ ਹੈ ਕਿ ਇਸ ਨਾਲ ਮਹਿਲਾਵਾਂ ਨੂੰ ਲੰਬੇ ਸਫ਼ਰ ਦੀ ਦਿੱਕਤ ਤੋਂ ਰਾਹਤ ਮਿਲੇਗੀ ਅਤੇ ਉਹ ਆਪਣੇ ਪਰਿਵਾਰਕ ਤੇ ਪੇਸ਼ੇਵਰ ਫ਼ਰਜ਼ਾਂ ਵਿਚ ਬਿਹਤਰ ਸੰਤੁਲਨ ਬਣਾ ਸਕਣਗੀਆਂ।

**ਮਹਿਲਾਵਾਂ ਦੀ ਕਾਰਜਕੁਸ਼ਲਤਾ ਅਤੇ ਮਨੋਬਲ ਵਿੱਚ ਵੀ ਵਾਧਾ ਹੋਵੇਗਾ**

ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਮਹਿਲਾਵਾਂ ਲਈ ਸੁਰੱਖਿਅਤ ਅਤੇ ਸੁਵਿਧਾਜਨਕ ਕਾਰਜ ਮਾਹੌਲ ਯਕੀਨੀ ਬਣਾਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਇਹ ਕਦਮ ਮਹਿਲਾ ਕਰਮਚਾਰੀਆਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਚੁੱਕਿਆ ਗਿਆ ਹੈ, ਜਿਸ ਨਾਲ ਉਨ੍ਹਾਂ ਦੀ ਕਾਰਜਕੁਸ਼ਲਤਾ ਅਤੇ ਮਨੋਬਲ ਵਿੱਚ ਵੀ ਵਾਧਾ ਹੋਵੇਗਾ।

ਉਨ੍ਹਾਂ ਇਹ ਵੀ ਦੁਹਰਾਇਆ ਕਿ ਮਹਿਲਾਵਾਂ ਦੀ ਸੁਰੱਖਿਆ, ਸਨਮਾਨ ਅਤੇ ਭਲਾਈ ਪੰਜਾਬ ਸਰਕਾਰ ਦੀਆਂ ਪ੍ਰਮੁੱਖ ਤਰਜੀਹਾਂ ਹਨ ਅਤੇ ਇਸ ਸਬੰਧੀ ਹੋਰ ਲੋਕ-ਹਿਤੈਸ਼ੀ ਫ਼ੈਸਲੇ ਵੀ ਲਗਾਤਾਰ ਲਏ ਜਾਂਦੇ ਰਹਿਣਗੇ।

## ਲੋਕ ਸੰਪਰਕ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਅਤੇ ਨਿਰਜਲਾ ਇਕਾਦਸ਼ੀ ਨੂੰ ਸਮਰਪਿਤ ਛਬੀਲ



**ਚੰਡੀਗੜ੍ਹ, 17 ਜੂਨ**
**-ਛੱਤਰਪਾਲ ਸਿੰਘ-**

ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਲਾਸਾਨੀ ਸ਼ਹਾਦਤ ਅਤੇ ਨਿਰਜਲਾ ਇਕਾਦਸ਼ੀ ਨੂੰ ਸਮਰਪਿਤ ਕਰਦਿਆਂ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ ਵੱਲੋਂ ਅੱਜ ਪੰਜਾਬ ਸਿਵਲ ਸਕੱਤਰੇਤ - 1, ਚੰਡੀਗੜ੍ਹ ਵਿਖੇ 'ਛਬੀਲ' ਅਤੇ ਛੋਲਿਆਂ ਅਤੇ ਕੜਾਹ ਪ੍ਰਸ਼ਾਦ' ਦਾ ਲੰਗਰ ਲਗਾਇਆ ਗਿਆ।

ਇਸ ਨੇਕ ਕਾਰਜ ਰਾਹੀਂ ਸੰਗਤ ਦੀ ਸੇਵਾ ਕਰਦਿਆਂ, ਵਿਭਾਗ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਲਗਪਗ ਪੰਜ ਘੰਟਿਆਂ ਤੱਕ ਪੂਰੀ ਸ਼ਰਧਾ ਨਾਲ ਲੋਕਾਂ ਨੂੰ ਠੰਡਾ ਮਿੱਠਾ ਜਲ ਅਤੇ 'ਕੜਾਹ - ਛੋਲਿਆਂ ਦਾ ਪ੍ਰਸ਼ਾਦ' ਵਰਤਾਇਆ।

ਲੋਕ ਭਲਾਈ ਦੇ ਇਸ ਕਾਰਜ ਵਿੱਚ ਵਿਭਾਗ ਦੀ ਅਗਵਾਈ ਵਿਸ਼ੇਸ਼ ਸਕੱਤਰ ਕਮ ਡਾਇਰੈਕਟਰ ਸ੍ਰੀ ਪੁਨੀਤ ਗੋਇਲ ਅਤੇ ਡਿਪਟੀ ਸਕੱਤਰ ਸ੍ਰੀ ਦੀਪਾਂਕਰ ਗਰਗ ਨੇ ਕੀਤੀ। ਇਸ ਮੌਕੇ ਵਿਭਾਗ ਦੇ ਵਧੀਕ ਡਾਇਰੈਕਟਰ ਰਣਦੀਪ ਸਿੰਘ ਆਹਲੂਵਾਲੀਆ, ਜੁਆਇੰਟ ਡਾਇਰੈਕਟਰ ਇਸ਼ਵਿੰਦਰ ਸਿੰਘ ਗਰੇਵਾਲ, ਪ੍ਰੀਤ ਕੰਵਲ ਸਿੰਘ ਅਤੇ ਮਨਵਿੰਦਰ ਸਿੰਘ, ਡਿਪਟੀ ਡਾਇਰੈਕਟਰ ਨਵਦੀਪ ਸਿੰਘ ਗਿੱਲ ਅਤੇ ਸ਼ੇਰਜੰਗ ਸਿੰਘ ਹੁੰਦਲ ਸਮੇਤ ਸਮੂਹ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਵੀ ਸ਼ਰਧਾ ਭਾਵਨਾ ਨਾਲ ਸੰਗਤ ਦੀ ਸੇਵਾ ਕੀਤੀ।

ਇਸ ਨੇਕ ਕਾਰਜ ਵਿੱਚ ਵੱਡੀ ਗਿਣਤੀ 'ਚ ਮੀਡੀਆ ਕਰਮੀਆਂ ਨੇ ਵੀ ਹਾਜ਼ਰੀ ਭਰੀ। ਸਵੇਰੇ 9 ਵਜੇ ਤੋਂ ਦੁਪਹਿਰ 2 ਵਜੇ ਤੱਕ ਚੱਲੀ ਲੰਗਰ ਸੇਵਾ ਦੌਰਾਨ ਪੰਚਮ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੂੰ ਸਮਰਪਿਤ ਸ਼ਬਦ ਕੀਰਤਨ ਰਾਹੀਂ ਵੀ ਸੰਗਤਾਂ ਨਿਹਾਲ ਹੋਈਆਂ।

## ਪੰਜਾਬ ਮੰਡੀ ਬੋਰਡ ਨੇ ਸਿਰਜੇ ਵਿਕਾਸ ਦੇ ਨਵੇਂ ਕੀਰਤੀਮਾਨ : ਹਰਚੰਦ ਸਿੰਘ ਬਰਸਟ



**ਪਟਿਆਲਾ, 17 ਜੂਨ**
**-ਛਤਰਪਾਲ ਸਿੰਘ-**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਦੀ ਅਗਵਾਈ ਹੇਠ ਅੱਜ ਕਿਸਾਨ ਭਵਨ, ਚੰਡੀਗੜ੍ਹ ਵਿਖੇ ਬੋਰਡ ਆਫ ਡਾਇਰੈਕਟਰਜ਼ ਦੀ ਮੀਟਿੰਗ ਹੋਈ।

ਮੀਟਿੰਗ ਦੌਰਾਨ ਮੰਡੀ ਬੋਰਡ ਨਾਲ ਸੰਬੰਧਤ ਵੱਖ-ਵੱਖ ਏਜੰਡਿਆਂ ਉੱਤੇ ਵਿਸਥਾਰ ਨਾਲ ਗੱਲਬਾਤ ਹੋਈ। ਇਸ ਮੌਕੇ ਅਹਿਮ ਏਜੰਡਿਆਂ ਨੂੰ ਪਾਸ ਕੀਤਾ ਗਿਆ ਅਤੇ ਜਲਦ ਤੋਂ ਜਲਦ ਅਮਲੀ-ਜਾਮਾਂ ਪਹਿਨਾਉਣ ਦਾ ਫੈਸਲਾ ਲਿਆ ਗਿਆ। ਇਸ ਮਗਰੋਂ ਪੱਤਰਕਾਰਵਾਰਤਾ ਦੌਰਾਨ ਸ. ਹਰਚੰਦ ਸਿੰਘ ਬਰਸਟ ਨੇ ਪਿਛਲੇ ਚਾਰ ਸਾਲਾਂ ਵਿੱਚ ਮੰਡੀ ਬੋਰਡ ਵੱਲੋਂ ਵਿਕਾਸੀ ਕੰਮਾਂ ਅਤੇ ਬੁਨਿਆਦੀ ਢਾਂਚੇ ਦੇ ਸੁਧਾਰ ਵਿੱਚ ਪ੍ਰਾਪਤ ਕੀਤੀਆਂ ਇਤਿਹਾਸਕ ਉਪਲਬੱਧੀਆਂ ਦਾ ਵੇਰਵਾ ਸਾਂਝਾ ਕੀਤਾ। ਚੇਅਰਮੈਨ ਨੇ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਡੀ ਬੋਰਡ ਕਿਸਾਨਾਂ, ਮਜ਼ਦੂਰਾਂ, ਵਪਾਰੀਆਂ ਅਤੇ ਆਮ ਲੋਕਾਂ ਦੀ ਸਹੂਲਤ ਲਈ ਵਚਨਬੱਧਤਾ ਨਾਲ ਕੰਮ ਕਰ ਰਿਹਾ ਹੈ।

ਇਸ ਦੌਰਾਨ ਚੇਅਰਮੈਨ ਸ. ਬਰਸਟ ਨੇ ਵਿਸ਼ੇਸ਼ ਤੌਰ ਤੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਮੰਡੀ ਬੋਰਡ ਨੂੰ ਵਿਧਾਨ ਸਭਾ ਹਲਕਾ ਸਮਾਣਾ ਦੇ ਪਿੰਡ ਦਦਹੇੜਾ ਦੀ ਪੰਚਾਇਤ ਵੱਲੋਂ 18 ਕਿੱਲੇ ਜਮੀਨ ਫ੍ਰੀ ਆਫ਼ ਕਾਸਟ ਦਿੱਤੀ ਗਈ ਹੈ ਤਾਂ ਜੋ ਉੱਥੇ ਮੰਡੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਮੰਡੀ ਇਸ ਖੇਤਰ ਦੇ ਆਰਥਿਕ ਵਿਕਾਸ ਵਿੱਚ ਮੀਲ ਪੱਥਰ ਸਾਬਤ ਹੋਵੇਗੀ ਅਤੇ ਇਲਾਕੇ ਵਿੱਚ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਇਸ ਮੌਕੇ ਸ. ਬਰਸਟ ਵੱਲੋਂ ਪਿੰਡ ਦਦਹੇੜਾ ਦੇ ਸਰਪੰਚ ਗੁਰਜੀਤ ਸਿੰਘ, ਪੰਚ ਤੋਤੀ, ਗੁਰਪ੍ਰੀਤ ਸਿੰਘ, ਗਿਆਨ ਦਾਸ, ਗੋਬਿੰਦ ਸਿੰਘ, ਗੁਰਬਖਸ ਸਿੰਘ, ਸੁਸ਼ੀਲਾ ਰਾਣੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸੇ ਤਰ੍ਹਾਂ ਹਲਕਾ ਸਮਾਣਾ ਦੇ ਪਿੰਡ ਮਹਿਮਦਪੁਰ (ਪਟਿਆਲਾ) ਵਿਖੇ ਗ੍ਰਾਮ ਪੰਚਾਇਤ ਵੱਲੋਂ ਫਰੀ ਆਫ਼ ਕਾਸਟ ਦਿੱਤੀ 19 ਏਕੜ 6 ਕਨਾਲ 13 ਮਰਲੇ ਜਮੀਨ 'ਤੇ ਸਬ-ਯਾਰਡ ਬਣਾਇਆ ਗਿਆ ਹੈ, ਜਿਸ ਨੂੰ ਆਲੂ ਮੰਡੀ ਹੱਬ ਵੱਜੋਂ ਵਿਕਸਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 44,597 ਕਿਲੋਮੀਟਰ ਲੰਬਾਈ ਦੀਆਂ ਲਿੰਕ ਸੜਕਾਂ ਨੂੰ ਕਰੀਬ 13,339.01 ਕਰੋੜ ਰੁਪਏ ਦੀ ਲਾਗਤ ਨਾਲ ਮੁਰੰਮਤ, ਮਾਡਰਨਾਈਜੇਸ਼ਨ ਅਤੇ ਅਪਗ੍ਰੇਡੇਸ਼ਨ ਕੀਤਾ ਜਾ ਰਿਹਾ ਹੈ। ਇਸਦੇ ਨਾਲ ਹੀ ਕੀਮਤੀ ਜਾਨਾਂ ਬਚਾਉਣ ਲਈ 13,865 ਕਿਲੋਮੀਟਰ ਲੰਬਾਈ ਦੀਆਂ ਲਿੰਕ ਸੜਕਾਂ 'ਤੇ ਕਰੀਬ 132.65 ਕਰੋੜ ਦੀ ਲਾਗਤ ਨਾਲ ਰੋਡ ਸੇਫਟੀ ਪ੍ਰੋਵੀਜ਼ਨ ਲਗਾਈਆਂ ਗਈਆਂ ਹਨ। ਸੂਬੇ ਦੇ ਪਿੰਡਾਂ ਦੀਆਂ 280 ਕਿਲੋਮੀਟਰ ਲੰਬਾਈ ਦੀਆਂ ਫਿਰਨੀਆਂ ਨੂੰ 235 ਕਰੋੜ ਰੁਪਏ ਦੀ ਲਾਗਤ ਨਾਲ ਸੀ.ਸੀ. (ਸੀਮੈਂਟ ਅਤੇ ਕੰਕਰੀਟ) ਨਾਲ ਮਾਡਰਨਾਈਜੇਸ਼ਨ ਕਰਨ ਦਾ ਕੰਮ ਮੁਕੰਮਲ ਕੀਤਾ ਜਾ ਚੁੱਕਾ ਹੈ। ਸੂਬੇ ਦੀਆਂ ਲਿੰਕ ਸੜਕਾਂ ਤੇ ਪੈਂਦੇ 46 ਤੰਗ ਅਤੇ ਡੈਮੇਜ ਪੁਲਾਂ ਨੂੰ 20 ਕਰੋੜ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਗਿਆ ਹੈ।






## ਸੰਪਾਦਕੀ

### ਸ਼ਾਂਤੀ ਸਮਝੌਤੇ ਦੀ ਖ਼ਬਰ ਨੇ ਜੰਗ ਤੋਂ ਅੱਕੀ-ਥੱਕੀ ਦੁਨੀਆ ਨੇ ਸੁੱਖ ਦਾ ਸਾਹ ਲਿਆ

ਪਿਛਲੇ ਕਈ ਮਹੀਨਿਆਂ ਤੋਂ ਇਜ਼ਰਾਈਲ, ਇਰਾਨ ਅਤੇ ਅਮਰੀਕਾ ਵਿਚ ਜੰਗ ਕਾਰਨ ਪੂਰੀ ਦੁਨੀਆਂ ਇਸ ਦੀ ਮਾਰ ਹੇਠ ਹੋਈ ਹੈ। ਅਮਰੀਕਾ ਅਤੇ ਇਰਾਨ ਵਿਚਾਲੇ ਹੋਏ ਸ਼ਾਂਤੀ ਸਮਝੌਤੇ ਦੀ ਖ਼ਬਰ ਨੇ ਜੰਗ ਤੋਂ ਅੱਕੀ-ਥੱਕੀ ਦੁਨੀਆ ਨੇ ਸੁੱਖ ਦਾ ਸਾਹ ਲਿਆ ਹੈ। ਸਾਢੇ ਤਿੰਨ ਮਹੀਨਿਆਂ ਤੱਕ ਚੱਲੀ ਇਸ ਜੰਗ ਨੇ ਦੁਨੀਆ ਦੇ ਤੇਲ ਬਾਜ਼ਾਰ ਨੂੰ ਹਿਲਾ ਕੇ ਰੱਖ ਦਿੱਤਾ ਅਤੇ ਪੂਰੇ ਇਲਾਕੇ ਦੀ ਸ਼ਾਂਤੀ ਭੰਗ ਕਰਨ ਦੇ ਨਾਲ ਨਾਲ ਇੱਕ ਵੱਡੀ ਜੰਗ ਦਾ ਡਰ ਪੈਦਾ ਕਰ ਦਿੱਤਾ ਸੀ। ਅਜਿਹੇ ਹਾਲਾਤ ਵਿੱਚ ਦੋਵਾਂ ਦੇਸ਼ਾਂ ਵੱਲੋਂ ਗੱਲਬਾਤ ਦਾ ਰਾਹ ਚੁਣਨਾ ਬਿਲਕੁਲ ਸਹੀ ਫ਼ੈਸਲਾ ਹੈ। ਇਸ ਸਮਝੌਤੇ ’ਤੇ 19 ਜੂਨ ਨੂੰ ਦਸਤਖ਼ਤ ਹੋਣੇ ਤੈਅ ਹੋਏ ਹਨ, ਜਿਸ ਤੋਂ ਬਾਅਦ ਹੋਰਮੁਜ਼ ਜਲਡਮਰੂ ਦੇ ਸਮੁੰਦਰੀ ਲਾਂਘੇ ਵਿੱਚੋਂ ਬਿਨਾਂ ਕਿਸੇ ਰੋਕ-ਟੋਕ ਦੇ ਆਉਣ-ਜਾਣ ਦੀ ਖੁੱਲ੍ਹ ਮਿਲੇਗੀ ਅਤੇ ਫ਼ੌਜੀ ਕਾਰਵਾਈਆਂ ’ਤੇ ਤੁਰੰਤ ਰੋਕ ਲੱਗੇਗੀ। ਇਸ ਅਹਿਮ ਸਮੁੰਦਰੀ ਰਸਤੇ ਦੇ ਬੰਦ ਹੋਣ ਕਾਰਨ ਦੁਨੀਆ ਭਰ ਵਿੱਚ ਤੇਲ ਦੀਆਂ ਕੀਮਤਾਂ ਅਸਮਾਨੀਂ ਚੜ੍ਹ ਗਈਆਂ ਸਨ ਅਤੇ ਆਰਥਿਕ ਮੰਦਹਾਲੀ ਦਾ ਡਰ ਵਧ ਗਿਆ ਸੀ। ਇਸ ਖ਼ਬਰ ਤੋਂ ਬਾਅਦ ਵਿਸ਼ਵ ਬਾਜ਼ਾਰਾਂ ਵਿੱਚ ਆਈ ਰੌਣਕ ਇਹ ਸਾਫ਼ ਕਰਦੀ ਹੈ ਕਿ ਪੂਰੀ ਦੁਨੀਆ ਦੀ ਆਰਥਿਕਤਾ ਦਾ ਲੱਕ ਪੱਛਮੀ ਏਸ਼ੀਆ ਦੀ ਸ਼ਾਂਤੀ ਨਾਲ ਜੁੜਿਆ ਹੋਇਆ ਹੈ। ਪਰ ਇਸ ਖ਼ੁਸ਼ੀ ਦੇ ਨਾਲ-ਨਾਲ ਹਾਲੇ ਸਾਵਧਾਨ ਰਹਿਣ ਦੀ ਵੀ ਲੋੜ ਹੈ। ਅਸਲ ਵਿੱਚ ਜਿਹੜੇ ਮੁੱਦਿਆਂ ’ਤੇ ਸਭ ਤੋਂ ਵੱਡਾ ਰੌਲਾ ਸੀ, ਉਹ ਹਾਲੇ ਹੱਲ ਨਹੀਂ ਹੋਏ, ਬਸ ਅੱਗੇ ਪਾ ਦਿੱਤੇ ਗਏ ਹਨ। ਇਰਾਨ ਦਾ ਪਰਮਾਣੂ ਪ੍ਰੋਗਰਾਮ, ਉਸ ਉੱਤੋਂ ਪਾਬੰਦੀਆਂ ਹਟਾਉਣਾ, ਇਲਾਕੇ ਦੀ ਸੁਰੱਖਿਆ ਅਤੇ ਇਰਾਨ ਦੀ ਮਦਦ ਨਾਲ ਚੱਲਣ ਵਾਲੇ ਹਥਿਆਰਬੰਦ ਸਮੂਹਾਂ ਦਾ ਕੀ ਬਣੇਗਾ ? ਇਨ੍ਹਾਂ ਸਾਰੀਆਂ ਗੱਲਾਂ ’ਤੇ ਅਗਲੇ 60 ਦਿਨਾਂ ਦੀ ਗੱਲਬਾਤ ਵਿੱਚ ਚਰਚਾ ਹੋਣੀ ਹੈ। ਇਹ ਉਹ ਅਣਸੁਲਝੇ ਸਵਾਲ ਹਨ ਜਿਨ੍ਹਾਂ ਨੇ ਪਹਿਲਾਂ ਵੀ ਕਈ ਵਾਰ ਬਣੀ-ਬਣਾਈ ਗੱਲ ਵਿਗਾੜੀ ਹੈ ਅਤੇ ਇਹ ਹੁਣ ਵੀ ਇਸ ਸਮਝੌਤੇ ਨੂੰ ਤੋੜ ਸਕਦੇ ਹਨ। ਦੂਜੇ ਪਾਸੇ ਇਹ ਸਮਝੌਤਾ ਇਹ ਵੀ ਦਿਖਾਉਂਦਾ ਹੈ ਕਿ ਆਪਸੀ ਗੱਲਬਾਤ ਅਤੇ ਵਿਚੋਲਗੀ ਕਿੰਨੀ ਜ਼ਰੂਰੀ ਹੈ। ਇਸ ਮਾਮਲੇ ਵਿੱਚ ਪਾਕਿਸਤਾਨ, ਕਤਰ, ਸਾਊਦੀ ਅਰਬ ਅਤੇ ਤੁਰਕੀ ਨੇ ਜੋ ਰੋਲ ਨਿਭਾਇਆ ਹੈ ਉਸ ਤੋਂ ਸਾਫ਼ ਹੈ ਕਿ ਆਸ-ਪਾਸ ਦੇ ਦੇਸ਼ ਰਲ-ਮਿਲ ਕੇ ਜੰਗ ਨੂੰ ਰੋਕਣ ਵਿੱਚ ਵੱਡੀ ਮਦਦ ਕਰ ਸਕਦੇ ਹਨ। ਕਾਫ਼ੀ ਹੈਰਾਨੀ ਦੀ ਗੱਲ ਹੈ ਕਿ ਮਹੀਨਿਆਂ ਦੀ ਭਿਆਨਕ ਜੰਗ ਅਤੇ ਵੱਡੇ ਨੁਕਸਾਨ ਤੋਂ ਬਾਅਦ ਅਮਰੀਕਾ ਤੇ ਇਰਾਨ ਮੁੜ ਗੱਲਬਾਤ ਦੀ ਮੇਜ਼ ’ਤੇ ਆਏ ਹਨ। ਉਨ੍ਹਾਂ ਨੂੰ ਇਹ ਮੰਨਣਾ ਪਿਆ ਕਿ ਤਾਕਤ ਦੇ ਜ਼ੋਰ ’ਤੇ ਪੱਕਾ ਹੱਲ ਨਹੀਂ ਲੱਭਿਆ ਜਾ ਸਕਦਾ। ਇਹ ਸਮਝੌਤਾ ਗ਼ਲਤੀਆਂ ਸੁਧਾਰਨ ਦਾ ਇੱਕ ਮੌਕਾ ਜ਼ਰੂਰ ਹੈ ਪਰ ਸ਼ਾਂਤੀ ਦੀ ਪੱਕੀ ਗਾਰੰਟੀ ਨਹੀਂ। ਇਜ਼ਰਾਈਲ, ਲੈਬਨਾਨ ਅਤੇ ਹਿਜ਼ਬੁੱਲ੍ਹਾ ਵਿਚਾਲੇ ਚੱਲ ਰਿਹਾ ਤਣਾਅ ਇਸ ਸਮਝੌਤੇ ਨੂੰ ਫ਼ੇਲ੍ਹ ਕਰ ਸਕਦਾ ਹੈ। ਅਖ਼ੀਰ ਵਿੱਚ ਇਸ ਸਮਝੌਤੇ ਨੂੰ ਜੰਗ ਦਾ ਖ਼ਾਤਮਾ ਨਹੀਂ ਸਗੋਂ ਡਿਪਲੋਮੇਸੀ ਦੇ ਇੱਕ ਔਖੇ ਸਫ਼ਰ ਦੀ ਸ਼ੁਰੂਆਤ ਵਜੋਂ ਦੇਖਿਆ ਜਾਣਾ ਚਾਹੀਦਾ ਹੈ। ਇਸ ਦੀ ਕਾਮਯਾਬੀ ਇਸ ਗੱਲ ’ਤੇ ਨਿਰਭਰ ਕਰੇਗੀ ਕਿ ਇਸ ’ਚ ਸ਼ਾਮਲ ਦੇਸ਼ ਆਪਣੀਆਂ ਗੱਲਾਂ ’ਤੇ ਕਿੰਨਾ ਖਰਾ ਉੱਤਰਦੇ ਹਨ।

-ਛੱਤਰਪਾਲ ਸਿੰਘ

# ਰਾਹੁਲ ਦਾ ‘ਸੰਘਰਸ਼’: ਬਿਨਾਂ ਰਣਨੀਤੀ ਦੇ ਜੰਗ ?

**ਅਨੁਦਿਯੋ ਚੱਕਰਵਰਤੀ**



ਜਦੋਂ ਮੈਂ ਵਿਰੋਧੀ ਧਿਰ ਦੇ ਆਗੂਆਂ ਸਾਹਮਣੇ ਰਾਹੁਲ ਗਾਂਧੀ ਦਾ ਦਿੱਤਾ ਤਾਜ਼ਾ ਭਾਸ਼ਣ ਪੜ੍ਹਿਆ ਤਾਂ ਮੈਨੂੰ ਕਾਰਲ ਮਾਰਕਸ ਦੀ ਯਾਦ ਆ ਗਈ। ਮਾਰਕਸ ਨੇ ਲਿਖਿਆ ਸੀ, ਡੌਨ ਕਹੋਟੀ ਨੇ ਜਦੋਂ ਇਹ ਸੋਚਿਆ ਕਿ ‘ਘੁਮੱਕੜ ਯੋਧਿਆਂ ਵਾਲੀ ਪ੍ਰਥਾ’ ਸਮਾਜ ਦੇ ਹਰ ਤਰ੍ਹਾਂ ਦੇ ਆਰਥਿਕ ਢਾਂਚੇ ਵਿੱਚ ਚੱਲ ਸਕਦੀ ਹੈ ਤਾਂ ਉਸ ਨੂੰ ਇਸ ਗ਼ਲਤੀ ਦਾ ਖ਼ਾਮਿਆਜ਼ਾ ਭੁਗਤਣਾ ਪਿਆ ਸੀ। ਜਦੋਂ ਸਿਆਸਤ ਦੀ ਗੱਲ ਆਉਂਦੀ ਹੈ ਤਾਂ ਰਾਹੁਲ ਗਾਂਧੀ ਵੀ ਬਿਲਕੁਲ ਇਸੇ ਭੁਲੇਖੇ ਦਾ ਸ਼ਿਕਾਰ ਨਜ਼ਰ ਆਉਂਦੇ ਹਨ। ਰਾਹੁਲ ਗਾਂਧੀ ਦੀਆਂ ਬਹੁਤੀਆਂ ਗੱਲਾਂ ਸਾਨੂੰ ਅੰਗਰੇਜ਼ੀ ਰਾਜ ਵੇਲੇ ਦੀ ਗਾਂਧੀਵਾਦੀ ਕਾਂਗਰਸ ਦੀ ਸਿਆਸਤ ਵੱਲ ਪਿੱਛੇ ਲੈ ਜਾਂਦੀਆਂ ਹਨ, ਜਦੋਂ ਭਾਰਤ ’ਤੇ ਇੱਕ ਲੁਟੇਰੀ ਵਿਦੇਸ਼ੀ ਬਸਤੀਵਾਦੀ ਹਕੂਮਤ ਦਾ ਰਾਜ ਸੀ। ਰਾਹੁਲ ਗਾਂਧੀ ਨੂੰ ਸ਼ਾਇਦ ਇਹ ਲੱਗਦਾ ਹੈ ਕਿ ਅੱਜ ਦੇ ਭਾਰਤੀ ਰਾਜ-ਭਾਗ ਦਾ ਸੁਭਾਅ ਵੀ ਬਿਲਕੁਲ ਉਵੇਂ ਦਾ ਹੀ ਹੈ ਕਿਉਂਕਿ ਹੁਣ ਇਹ ਨਿਰਪੱਖ ਨਹੀਂ ਰਿਹਾ। ਉਨ੍ਹਾਂ ਦੇ ਮੁਤਾਬਿਕ ਭਾਜਪਾ ਨੂੰ ਸੱਤਾ ਵਿੱਚ ਬਣਾਈ ਰੱਖਣ ਲਈ ਦੇਸ਼ ਦੀਆਂ ਸਾਰੀਆਂ ਸੰਸਥਾਵਾਂ ਨੂੰ ਮੋਹਰਾ ਬਣਾ ਲਿਆ ਗਿਆ ਹੈ।

ਇਸ ਮੁਤਾਬਿਕ ਤਾਂ ਫਿਰ ਇਹੀ ਗੱਲ ਨਿਕਲਦੀ ਹੈ ਕਿ ਜੇਕਰ ਇੰਡੀਆ ਗੱਠਜੋੜ ਦੇ ਭਾਈਵਾਲ (ਜਿਵੇਂ ਸਪਾ, ਤ੍ਰਿਣਮੂਲ ਕਾਂਗਰਸ, ਰਾਜਦ ਅਤੇ ਹੋਰ) ਇਹ ਸੋਚਦੇ ਹਨ ਕਿ ਪੁਰਾਣੇ ‘ਸਿਆਸੀ ਹਥਿਆਰ’ ਹੁਣ ਵੀ ਕੰਮ ਆਉਣਗੇ ਤਾਂ ਉਹ ਸ਼ੇਖਚਿੱਲੀ ਦੇ ਸੁਪਨੇ ਦੇਖ ਰਹੇ ਹਨ। ਰਾਹੁਲ ਗਾਂਧੀ ਸ਼ਾਇਦ ਇਹ ਕਹਿਣਾ ਚਾਹੁੰਦੇ ਹਨ ਕਿ ਸੰਸਦੀ ਲੋਕਤੰਤਰ ਦੇ ਰਵਾਇਤੀ ਤਰੀਕੇ ਜਿਵੇਂ ਸਦਨ ਦੀਆਂ ਬਹਿਸਾਂ, ਫਲੋਰ ਮੈਨੇਜਮੈਂਟ ਅਤੇ ਚੋਣ ਮੁਹਿੰਮਾਂ ਹੁਣ ਬੇਅਰਥ ਹੋ ਚੁੱਕੇ ਹਨ ਕਿਉਂਕਿ ਭਾਜਪਾ ਦਾ ‘ਚੋਣ ਕਮਿਸ਼ਨ ’ਤੇ ਵੀ ਪੂਰਾ ਕਬਜ਼ਾ ਹੈ’ ਅਤੇ ‘ਚੋਣਾਂ ਦੀ 100 ਫ਼ੀਸਦੀ ਚੋਰੀ ਹੋ ਰਹੀ ਹੈ।’

ਫਿਰ ਇਸ ਸਮੱਸਿਆ ਦਾ ਰਾਹੁਲ ਗਾਂਧੀ ਕੋਲ ਕੀ ਹੱਲ ਹੈ ? ਉਸ ਮੁਤਾਬਿਕ ਇਸ ਦਾ ਇੱਕੋ-ਇੱਕ ਜਵਾਬ ਹੈ ‘ਵਿਰੋਧ’। ਉਸ ਦਾ ਕਹਿਣਾ ਹੈ, ਸੰਘਰਸ਼ ਹੀ ਰਾਹ ਦਿਖਾਉਂਦਾ ਹੈ, ਤੁਹਾਨੂੰ ਕਿਸੇ ਸਿਆਸੀ ਤਾਣੇ-ਬਾਣੇ ਜਾਂ ਢਾਂਚੇ ਦੀ ਲੋੜ ਨਹੀਂ, ਬੱਸ ਸੜਕਾਂ ’ਤੇ ਉਤਰ ਕੇ ਵਿਰੋਧ ਕਰਨ ਦੀ ਲੋੜ ਹੈ। ਸ਼ਾਇਦ ਉਸ ਨੂੰ ਲੱਗਦਾ ਹੈ ਕਿ 100 ਸਾਲ ਪਹਿਲਾਂ ਕਾਂਗਰਸ ਲਈ ਵੀ ਇਹੀ ਫਾਰਮੂਲਾ ਚੱਲਿਆ ਸੀ, ਉਹ ਕਹਿੰਦੇ ਹਨ ਅਸੀਂ 1927 ਤੋਂ ਪਹਿਲਾਂ ਸਿਰਫ਼ ਇੱਕ ਸਿਆਸੀ ਜਥੇਬੰਦੀ ਸੀ। ਜਿਸ ਦਿਨ ਗਾਂਧੀ ਜੀ ਨੇ ਆਜ਼ਾਦੀ ਦਾ ਨਾਅਰਾ ਦਿੱਤਾ, ਅਸੀਂ ਇੱਕ ਅੰਦੋਲਨ ਬਣ ਗਏ। ਇਤਿਹਾਸ ਦੇ ਹਵਾਲੇ ਨੂੰ ਲੈ ਕੇ ਰਾਹੁਲ ਗਾਂਧੀ ਵੱਲੋਂ ਦਿੱਤੇ ਇਸ ਤੱਥ ਨੂੰ ਤਾਂ ਰਹਿਣ ਹੀ ਦੇਈਏ ਕਿਉਂਕਿ ਜਦੋਂ ਜਵਾਹਰਲਾਲ ਨਹਿਰੂ ਅਤੇ ਸੁਭਾਸ਼ ਚੰਦਰ ਬੋਸ ਨੇ 1927 ਦੇ ਮਦਰਾਸ ਇਜਲਾਸ ਵਿੱਚ ਪੂਰਨ ਸਵਰਾਜ ਦਾ ਮਤਾ ਲਿਆਂਦਾ ਸੀ ਤਾਂ ਮਹਾਤਮਾ ਗਾਂਧੀ ਖ਼ੁਦ ਇਸ ਗੱਲੋਂ ਬਹੁਤ ਨਾਰਾਜ਼ ਹੋਏ ਸਨ। ਉਨ੍ਹਾਂ ਨੇ ਇਸ ਨੂੰ ‘ਕਾਹਲੀ ਵਿੱਚ ਲਿਆ ਗਿਆ ਬਿਨਾਂ ਸੋਚਿਆ-ਸਮਝਿਆ ਫੈਸਲਾ’ ਦੱਸਿਆ ਸੀ, ਪਰ ਇਸ ਤੋਂ ਵੀ ਵੱਡੀ ਗੱਲ ਇਹ ਹੈ ਕਿ ਗਾਂਧੀ ਜੀ ਦਾ ਅੰਦੋਲਨ ਕੋਈ ਅਚਾਨਕ ਉੱਠਿਆ ਹੋਇਆ ਨਿੱਜੀ ਉਬਾਲ ਨਹੀਂ ਸੀ ਸਗੋਂ ਪਾਰਟੀ ਦੀ ਜਥੇਬੰਦੀ ਵੱਲੋਂ ਬੜੀ ਬਾਰੀਕੀ ਨਾਲ ਘੜੀ ਅਤੇ ਨੇਪਰੇ ਚਾੜ੍ਹੀ ਗਈ ਰਣਨੀਤੀ ਹੁੰਦੀ ਸੀ।

ਸਵਾਲ ਇਹ ਹੈ ਕਿ ਅੱਜ ਰਾਹੁਲ ਗਾਂਧੀ ਕੋਲ ਜਥੇਬੰਦਕ ਤੌਰ ’ਤੇ ਕਰਨ ਲਈ ਅਜਿਹਾ ਕਿਹੜਾ ਠੋਸ ਐਕਸ਼ਨ ਹੈ ? ਆਪਣੇ ਭਾਸ਼ਣ ਵਿੱਚ ਉਨ੍ਹਾਂ ਨੇ ਨੀਟ ਤੇ ਸੀ ਬੀ ਐੱਸ ਈ ਪ੍ਰੀਖਿਆਵਾਂ ਦੀ ਬਦਇੰਤਜ਼ਾਮੀ ਖ਼ਿਲਾਫ਼ ਹੋਏ ਪ੍ਰਦਰਸ਼ਨਾਂ, ਗ੍ਰੇਟ ਨਿਕੋਬਾਰ ਮੁਹਿੰਮ ਅਤੇ ਆਪਣੀ ਭਾਰਤ ਜੋੜੋ ਯਾਤਰਾ ਦਾ ਹਵਾਲਾ ਦਿੱਤਾ। ਪਹਿਲੇ ਮਾਮਲੇ ਯਾਨੀ ਪੇਪਰ ਘੁਟਾਲੇ ਵਿੱਚ ਰਾਹੁਲ ਗਾਂਧੀ ਪ੍ਰਦਰਸ਼ਨਕਾਰੀਆਂ ਦੇ ਮੁੱਖ ਚਿਹਰਿਆਂ ਨਾਲ ਜ਼ਰੂਰ ਖੜ੍ਹੇ ਨਜ਼ਰ ਆਏ, ਪਰ ਸਾਰੀ ਵਾਹ-ਵਾਹ ਕੌਕਰੋਚ ਜਨਤਾ ਪਾਰਟੀ ਖੱਟ ਗਈ। ਹੁਣ ਕਾਂਗਰਸ ਪਾਰਟੀ ਨੇ ਨੀਟ ਅਤੇ ਸੀ ਬੀ ਐੱਸ ਈ ਦੇ ਮੁੱਦਿਆਂ ਨੂੰ ਚੁੱਕਣ ਲਈ ਵਿਦਿਆਰਥੀ ਸੰਮੇਲਨਾਂ ਦੀ ਇੱਕ ਲੜੀ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਗ੍ਰੇਟ ਨਿਕੋਬਾਰ ਦੇ ਮਾਮਲੇ ਵਿੱਚ ਅਸੀਂ ਰਾਹੁਲ ਗਾਂਧੀ ਦੇ ਦੌਰੇ ਦੀ ਇੱਕ ਦੋ-ਮਿੰਟ ਦੀ ਵੀਡੀਓ, ਇੱਕ-ਦੋ ਸੰਪਾਦਕੀ ਲੇਖ ਅਤੇ ਸੰਸਦ ਵਿੱਚ ਦਿੱਤੇ ਭਾਸ਼ਣ ਹੀ ਦੇਖੇ ਹਨ। ਇਹ ਸਾਰੇ ਉਹੀ ਪੁਰਾਣੇ ਜ਼ਮਾਨੇ ਦੇ ‘ਸਿਆਸੀ ਹਥਿਆਰ’ ਹਨ, ਜਿਨ੍ਹਾਂ ਬਾਰੇ ਰਾਹੁਲ ਗਾਂਧੀ ਖ਼ੁਦ ਦਾਅਵਾ ਕਰਦੇ ਹਨ ਕਿ ਇਹ ਹੁਣ ਕਿਸੇ ਕੰਮ ਦੇ ਨਹੀਂ ਰਹੇ।

ਪਾਰਟੀ ਦੇ ਰਵਾਇਤੀ ਢਾਂਚੇ ਤੋਂ ਬਾਹਰ ਜਾ ਕੇ ਵੋਟਰਾਂ ਨਾਲ ਸਿੱਧਾ ਰਾਬਤਾ ਕਾਇਮ ਕਰਨ ਵਾਲੀ ਇੱਕੋ-ਇੱਕ ਠੋਸ ਮਿਸਾਲ ਭਾਰਤ ਜੋੜੋ ਯਾਤਰਾ ਸੀ, ਜੋ ਲੰਮਾ ਸਮਾਂ ਚੱਲੀ। ਉਹ ਵੀ 2023 ਦੇ ਸ਼ੁਰੂ ਵਿੱਚ ਖ਼ਤਮ ਹੋ ਗਈ ਸੀ। ਹਾਲ ਹੀ ਵਿੱਚ ਹੋਈਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਾਨੂੰ ਅਜਿਹਾ ਕੁਝ ਵੀ ਦੇਖਣ ਨੂੰ ਨਹੀਂ ਮਿਲਿਆ। ਹੁਣ ਇੱਕ ਸਾਲ ਦੇ ਅੰਦਰ-ਅੰਦਰ ਕਈ ਅਹਿਮ ਸੂਬਿਆਂ ਜਿਵੇਂ ਉੱਤਰ ਪ੍ਰਦੇਸ਼, ਪੰਜਾਬ ਅਤੇ ਉੱਤਰਾਖੰਡ ਵਿੱਚ ਚੋਣਾਂ ਹੋਣ ਵਾਲੀਆਂ ਹਨ, ਪਰ ਕਾਂਗਰਸ ਕੋਲ ਅਜੇ ਤੱਕ ਕੋਈ ਠੋਸ ਨੀਤੀ ਨਜ਼ਰ ਨਹੀਂ ਆ ਰਹੀ ਕਿ ਉਹ ਲੋਕਾਂ ਨੂੰ ਆਪਣੇ ਜਾਂ ਆਪਣੇ ਭਾਈਵਾਲਾਂ ਦੇ ਹੱਕ ਵਿੱਚ ਵੋਟ ਪਾਉਣ ਲਈ ਕਿਵੇਂ ਮਨਾਏਗੀ ? ਹਕੀਕਤ ਤਾਂ ਇਹ ਹੈ ਕਿ ਪੰਜਾਬ ਦੀ ‘ਆਪ’ ਸਰਕਾਰ ਨੇ ਸੰਕੇਤ ਦਿੱਤੇ ਹਨ ਕਿ ਉਹ ਆਉਂਦੀਆਂ ਸਰਦੀਆਂ ਵਿੱਚ ਚੋਣਾਂ ਕਰਵਾ ਸਕਦੀ ਹੈ, ਪਰ ਲੱਗਦਾ ਹੈ ਕਿ ਕਾਂਗਰਸ ਇੱਥੇ ਸ਼ੁਰੂਆਤ ਵਿੱਚ ਹੀ ਗ਼ਲਤ ਰਾਹ ਫੜ ਬੈਠੀ ਹੈ। ਸਥਾਨਕ ਲੀਡਰਸ਼ਿਪ ’ਤੇ ਭਰੋਸਾ ਕਰਨ ਦੀ ਬਜਾਏ ਪਾਰਟੀ ਹਾਈਕਮਾਂਡ ਨੇ ਸੂਬੇ ਦੇ ਸਿਆਸੀ ਹਾਲਾਤ ਦਾ ਜਾਇਜ਼ਾ ਲੈਣ ਲਈ ਤਿੰਨ ਬਾਹਰੀ ਆਗੂਆਂ (ਅਜੇ ਮਾਕਨ, ਮੀਨਾਕਸ਼ੀ ਨਟਰਾਜਨ ਅਤੇ ਭਜਨ ਲਾਲ ਜਾਟਵ) ਨੂੰ ਆਬਜ਼ਰਵਰ ਲਾ ਦਿੱਤਾ ਹੈ। ਦੂਜੇ ਪਾਸੇ ਗਾਂਧੀ ਪਰਿਵਾਰ ਵੱਲੋਂ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ ਵਿੱਚ ਵਾਪਸੀ ਲਈ, ਜੋ ਹਰੀ ਝੰਡੀ ਦਿੱਤੀ ਜਾ ਰਹੀ ਹੈ, ਉਸ ਤੋਂ ਕਈ ਆਗੂ ਨਾਖ਼ੁਸ਼ ਹਨ। ਇੱਥੋਂ ਤੱਕ ਕਿ ਕੈਪਟਨ ਦੇ ਪੁਰਾਣੇ ਵਫ਼ਾਦਾਰ ਵੀ ਦਿੱਲੀ ਵੱਲੋਂ ਆ ਰਹੇ ਇਨ੍ਹਾਂ ਦੂਹਰੇ ਸੁਨੇਹਿਆਂ ਕਾਰਨ ਅਸਹਿਜ ਮਹਿਸੂਸ ਕਰ ਰਹੇ ਹਨ।

ਇਹ ਵੀ ਹੋ ਸਕਦਾ ਹੈ ਕਿ ਸ਼ਾਇਦ ਰਾਹੁਲ ਗਾਂਧੀ ਨੂੰ ਲੱਗਦਾ ਹੋਵੇ ਕਿ ਜਥੇਬੰਦੀ ਦੇ ਇਨ੍ਹਾਂ ਮਸਲਿਆਂ ਦੀ ਕੋਈ ਖ਼ਾਸ ਅਹਿਮੀਅਤ ਨਹੀਂ ਹੈ। ਜਿਵੇਂ ਕਿ ਉਨ੍ਹਾਂ ਨੇ ਆਪਣੇ ਇੰਡੀਆ ਗੱਠਜੋੜ ਦੇ ਸਹਿਯੋਗੀਆਂ ਨੂੰ ਕਿਹਾ ਸੀ, ਅਗਲੀ ਚੋਣ ਤਾਂ ਅਸੀਂ ਪਹਿਲਾਂ ਹੀ ਜਿੱਤ ਚੁੱਕੇ ਹਾਂ। ਸੀਨੀਅਰ ਪੱਤਰਕਾਰ ਆਦੇਸ਼ ਰਾਵਲ ਨੇ ਵੀ ਐਕਸ ’ਤੇ ਇੱਕ ਪੋਸਟ ਪਾਈ ਹੈ ਕਿ ਰਾਹੁਲ ਗਾਂਧੀ ਨੇ ਪਾਰਟੀ ਦੇ ਜਨਰਲ ਸਕੱਤਰਾਂ ਅਤੇ ਸੂਬਾਈ ਪ੍ਰਧਾਨਾਂ ਨੂੰ ਕਥਿਤ ਤੌਰ ’ਤੇ ਕਿਹਾ ਹੈ ਕਿ ਕਾਂਗਰਸ ਹੀ ਇਕੱਲੀ ਅਜਿਹੀ ਪਾਰਟੀ ਹੈ, ਜੋ ਬੜੀ ਤੇਜ਼ੀ ਨਾਲ ਅੱਗੇ ਵਧ ਰਹੀ ਹੈ, ਇਸ ਲਈ ਉਹ ਆਰਾਮ ਨਾਲ ਬੈਠਣ ਅਤੇ ਨਜ਼ਾਰੇ ਲੈਣ।

ਕੀ ਕੋਈ ਸਿਆਸੀ ਪਾਰਟੀ ਸੱਚਮੁੱਚ ਇਸ ਤਰੀਕੇ ਨਾਲ ਸੱਤਾ ਵਿੱਚ ਆ ਸਕਦੀ ਹੈ ? ਪੁਰਾਣੇ ਜ਼ਮਾਨੇ ਦੀ ਇੰਡੀਅਨ ਨੈਸ਼ਨਲ ਕਾਂਗਰਸ ਨੇ ਤਾਂ ਕਦੇ ਵੀ ਕੁਝ ਰੱਬ ਆਸਰੇ ਨਹੀਂ ਸੀ ਛੱਡਿਆ। ਰਾਹੁਲ ਗਾਂਧੀ ਦੇ ਪੜਨਾਨੇ (ਜਵਾਹਰਲਾਲ ਨਹਿਰੂ) ਨੇ ਪਾਰਟੀ ਦੇ ਜਨ-ਸੰਪਰਕ ਮੁਹਿੰਮ ਦੀ ਕਮਾਨ ਸੰਭਾਲੀ ਹੋਈ ਸੀ ਜਦੋਂਕਿ ਸਰਦਾਰ ਪਟੇਲ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਦੇ ਸਨ। ਮਹਾਤਮਾ ਗਾਂਧੀ ਨੇ ‘ਵਿਰੋਧ ਦੀ ਲਹਿਰ’ ਨੂੰ ਅਸਰਦਾਰ ਤਰੀਕੇ ਨਾਲ ਚਲਾਉਣ ਲਈ ਇਹ ਬੜੀ ਸੋਚੀ-ਸਮਝੀ ਰਣਨੀਤੀ ਘੜੀ ਸੀ, ਨਹਿਰੂ ਲੋਕਾਂ ਦਾ ਹਰਮਨਪਿਆਰਾ ਚਿਹਰਾ ਸਨ ਅਤੇ ਪਟੇਲ ਉਹ ਸ਼ਖ਼ਸ ਸਨ, ਜਿਨ੍ਹਾਂ ਨੇ ਪਾਰਟੀ ਦੇ ਸੰਗਠਨ ਨੂੰ ਇੱਕਮੁੱਠ ਰੱਖਿਆ ਹੋਇਆ ਸੀ।

ਸਭ ਤੋਂ ਅਹਿਮ ਗੱਲ ਇਹ ਹੈ ਕਿ ਉਸ ਵੇਲੇ ਦੀ ਕਾਂਗਰਸ ਲੀਡਰਸ਼ਿਪ ਇਸ ਹਕੀਕਤ ਨੂੰ ਚੰਗੀ ਤਰ੍ਹਾਂ ਜਾਣਦੀ ਸੀ ਕਿ ਫੰਡ (ਪੈਸੇ) ਤੋਂ ਬਿਨਾਂ ਕੋਈ ਵੀ ਅੰਦੋਲਨ ਖੜ੍ਹਾ ਨਹੀਂ ਕੀਤਾ ਜਾ ਸਕਦਾ। ਸਾਦਗੀ-ਪਸੰਦ ਮਹਾਤਮਾ ਗਾਂਧੀ, ਜੋ ਸਨਅਤੀਕਰਨ ਦੇ ਸਖ਼ਤ ਖ਼ਿਲਾਫ਼ ਸਨ, ਦੇ ਵੀ ਉਸ ਦੌਰ ਦੇ ਦੇਸੀ ਉਦਯੋਗਪਤੀਆਂ ਨਾਲ ਖੁੱਲ੍ਹੇ ਸਬੰਧ ਸਨ। ਇਨ੍ਹਾਂ ਉਦਯੋਗਪਤੀਆਂ ਨੇ ਬਦਲੇ ਵਿੱਚ ਇਹ ਯਕੀਨੀ ਬਣਾਇਆ ਕਿ ਕਾਂਗਰਸ ਨੂੰ ਆਪਣੀਆਂ ਮੁਹਿੰਮਾਂ ਚਲਾਉਣ ਲਈ ਪੈਸੇ ਦੀ ਤੋਟ ਕਦੇ ਨਾ ਆਵੇ। ਇਨ੍ਹਾਂ ਵਿੱਚੋਂ ਸਭ ਤੋਂ ਮਸ਼ਹੂਰ ਨਾਂ ਘਨਸ਼ਿਆਮ ਦਾਸ (ਜੀ.ਡੀ.) ਬਿਰਲਾ ਦਾ ਸੀ। ਗਾਂਧੀ ਜੀ ਨੇ ਬਿਰਲਾ ਨਾਲ ਆਪਣੀ ਦੋਸਤੀ ਨੂੰ ਕਦੇ ਨਹੀਂ ਸੀ ਲੁਕਾਇਆ, ਇੱਥੋਂ ਤੱਕ ਕਿ ਜਦੋਂ ਵੀ ਉਹ ਦਿੱਲੀ, ਕਲਕੱਤਾ, ਬੰਬਈ ਜਾਂ ਪੁਣੇ ਜਾਂਦੇ ਤਾਂ ਅਕਸਰ ਬਿਰਲਾ ਹਾਊਸ ਵਿੱਚ ਹੀ ਠਹਿਰਦੇ ਸਨ। ਇੱਕ ਹੋਰ ਉਦਯੋਗਪਤੀ ਜਮਨਾ ਲਾਲ ਬਜਾਜ ਵੀ ਮਹਾਤਮਾ ਗਾਂਧੀ ਦੇ ਬਹੁਤ ਨਜ਼ਦੀਕੀ ਸਨ। ਟਾਟਾ ਪਰਿਵਾਰ ਭਾਵੇਂ ਸਿਆਸਤ ਤੋਂ ਇੱਕ ਤੈਅ ਦੂਰੀ ਬਣਾ ਕੇ ਰੱਖਦਾ ਸੀ, ਪਰ ਉਨ੍ਹਾਂ ਦੀ ਹਮਦਰਦੀ ਵੀ ਦੇਸ਼ ਦੀ ਆਜ਼ਾਦੀ ਦੀ ਲਹਿਰ ਨਾਲ ਸਾਫ਼ ਦਿਸਦੀ ਸੀ।

ਦੂਜੇ ਪਾਸੇ, ਰਾਹੁਲ ਗਾਂਧੀ ਕੋਲ ਦੇਸ਼ ਦੇ ਕਾਰਪੋਰੇਟ ਜਗਤ ਤੱਕ ਪਹੁੰਚ ਕਰਨ ਦੀ ਕੋਈ ਸਪੱਸ਼ਟ ਨੀਤੀ ਨਜ਼ਰ ਨਹੀਂ ਆਉਂਦੀ ਜਦੋਂਕਿ ਇਸ ਵੇਲੇ ਦੇਸ਼ ਦੀ ਆਰਥਿਕਤਾ ਦੇ ਹਾਲਾਤ ਨੂੰ ਲੈ ਕੇ ਉਦਯੋਗਪਤੀਆਂ ਦੇ ਇੱਕ ਵੱਡੇ ਹਿੱਸੇ ਵਿੱਚ ਖ਼ਾਸਾ ਫ਼ਿਕਰ ਅਤੇ ਬੇਚੈਨੀ ਪਾਈ ਜਾ ਰਹੀ ਹੈ। ਹੁਣ ਤੱਕ ਭਾਰਤ ਦੇ ਵੱਡੇ ਘਰਾਣੇ ਰਾਹੁਲ ਗਾਂਧੀ ਤੋਂ ਦੂਰੀ ਬਣਾ ਕੇ ਹੀ ਚੱਲਦੇ ਆਏ ਹਨ ਕਿਉਂਕਿ ਉਨ੍ਹਾਂ ਨੇ ਜਨਤਕ ਤੌਰ ’ਤੇ ਹਮੇਸ਼ਾ ਅਜਾਰੇਦਾਰ ਪੂੰਜੀਵਾਦ ਅਤੇ ਨਵ-ਉਦਾਰਵਾਦੀ ਆਰਥਿਕ ਨੀਤੀਆਂ ਦਾ ਖੁੱਲ੍ਹ ਕੇ ਵਿਰੋਧ ਕੀਤਾ ਹੈ। ਉਨ੍ਹਾਂ ਦੇ ‘ਸੂਟ-ਬੂਟ ਦੀ ਸਰਕਾਰ’ ਵਰਗੇ ਨਾਅਰਿਆਂ ਨੇ ਮੌਜੂਦਾ ਹਕੂਮਤ ਨੂੰ ਵੱਡੇ ਸਨਅਤਕਾਰਾਂ ਦੀ ਯਾਰ ਪਾਰਟੀ ਵਜੋਂ ਪੇਸ਼ ਕੀਤਾ ਹੈ, ਜਿਸ ਕਾਰਨ ਖ਼ੁਦ ਉਨ੍ਹਾਂ (ਰਾਹੁਲ ਗਾਂਧੀ) ਦੇ ਸਿਰ ਕਾਰਪੋਰੇਟ-ਵਿਰੋਧੀ ਹੋਣ ਦਾ ਲੇਬਲ ਲੱਗ ਗਿਆ ਹੈ। ਅਜਿਹੇ ਮਾਹੌਲ ਵਿੱਚ ਉਨ੍ਹਾਂ ਵੱਲੋਂ ਅੱਜਕੱਲ੍ਹ ਬਣਾਈ ਜਾ ਰਹੀ ਨਵੀਂ ‘ਗਾਂਧੀਵਾਦੀ ਤਸਵੀਰ’ ਵੀ ਇਸ ਖੱਪੇ ਨੂੰ ਪੂਰਨ ਵਿੱਚ ਕੋਈ ਬਹੁਤੀ ਮਦਦਗਾਰ ਸਾਬਿਤ ਨਹੀਂ ਹੋਵੇਗੀ।

ਦੁਨੀਆ ਵਿੱਚ ਕਿਤੇ ਵੀ ਚੋਣਾਂ ਜਿੱਤਣ ਲਈ ਤਾਕਤਵਰ ਧਿਰਾਂ ਅਤੇ ਹਾਸ਼ੀਏ ’ਤੇ ਖੜ੍ਹੇ ਲੋਕਾਂ ਵਿਚਕਾਰ ਇੱਕ ਸਿਆਸੀ ਤਾਲਮੇਲ ਜਾਂ ਗੱਠਜੋੜ ਬਣਾਉਣਾ ਪੈਂਦਾ ਹੈ। ਭਾਜਪਾ ਨੇ ਦੇਸ਼ ਦੇ ਸਭ ਤੋਂ ਅਮੀਰ ਅਤੇ ਸਭ ਤੋਂ ਗ਼ਰੀਬ ਵਰਗ, ਦੋਵਾਂ ਨੂੰ ਇੱਕੋ ਵੇਲੇ ਆਪਣੇ ਨਾਲ ਜੋੜ ਕੇ ਇਹ ਖੇਡ ਬੜੀ ਕਾਮਯਾਬੀ ਨਾਲ ਖੇਡੀ ਹੈ। ਪਰ ਇਸ ਸਭ ਦੇ ਵਿਚਕਾਰ ਵੋਟਰਾਂ ਦਾ ਇੱਕ ਬਹੁਤ ਵੱਡਾ ਹਿੱਸਾ (ਹੇਠਲੇ ਮੱਧ ਵਰਗ ਤੋਂ ਲੈ ਕੇ ਉੱਚੇ ਮੱਧ ਵਰਗ ਤੱਕ) ਅਜੇ ਵੀ ਅਜਿਹਾ ਹੈ, ਜਿਸ ਨੂੰ ਆਪਣੇ ਵੱਲ ਖਿੱਚਿਆ ਜਾ ਸਕਦਾ ਹੈ। ਫਿਲਹਾਲ ਰਾਹੁਲ ਗਾਂਧੀ ਦੀ ਰਣਨੀਤੀ ਵਿੱਚ ਅਜਿਹਾ ਕੋਈ ਸੰਕੇਤ ਨਹੀਂ ਮਿਲਦਾ ਕਿ ਉਨ੍ਹਾਂ ਕੋਲ ਇਸ ਵੱਡੇ ਵੋਟ ਬੈਂਕ ਨੂੰ ਆਪਣੇ ਹੱਕ ਵਿੱਚ ਭੁਗਤਾਉਣ ਦਾ ਕੋਈ ਠੋਸ ਫਾਰਮੂਲਾ ਹੈ।

## ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਏ.ਡੀ.ਸੀ. ਵੱਲੋਂ ਟਰੇਡਰਜ਼ ਕਮਿਸ਼ਨ ਨਾਲ ਬੈਠਕ

## ਟ੍ਰੇਡਰਜ ਕਮਿਸ਼ਨ ਵੱਲੋਂ ਸਾਹਮਣੇ ਲਿਆਂਦੀਆਂ ਸਾਰੀਆਂ ਸਮੱਸਿਆਵਾਂ ਦੇ ਹੱਲ ਲਈ ਪ੍ਰਸ਼ਾਸਨ ਵਚਨਬੱਧ : ਅਨੁਪ੍ਰਿਤਾਜੌਹਲ



**ਪਟਿਆਲਾ, 17 ਜੂਨ**
**-ਛਤਰਪਾਲ ਸਿੰਘ-**

ਪਟਿਆਲਾ ਜ਼ਿਲ੍ਹੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਨੂੰ ਯਕੀਨੀ ਬਣਾਉਣ ਸਮੇਤ ਟਰੇਡਰਜ਼ ਕਮਿਸ਼ਨ ਵੱਲੋਂ ਸਾਹਮਣੇ ਲਿਆਦੀਆਂ ਸਮੱਸਿਆਵਾਂ ਦਾ ਜਾਇਜ਼ਾ ਲੈਣ ਲਈ ਪਟਿਆਲਾ ਦੇ ਵਧੀਕ ਡਿਪਟੀ ਕਮਿਸ਼ਨਰ (ਜ) ਅਨੁਪ੍ਰਿਤਾ ਜੌਹਲ ਨੇ ਪੰਜਾਬ ਟ੍ਰੇਡ ਕਮਿਸ਼ਨ ਪਟਿਆਲਾ ਦੇ ਚੇਅਰਮੈਨ ਐਡਵੋਕੇਟ ਵਿਨੋਦ ਕੁਮਾਰ ਸਿੰਗਲਾ ਅਤੇ ਪੰਜਾਬ ਦੇ ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਸਮੇਤ ਹੋਰ ਮੈਂਬਰਾਂ ਨਾਲ ਇੱਕ ਬੈਠਕ ਕੀਤੀ।

ਏਡੀਸੀ ਅਨੁਪ੍ਰਿਤਾ ਜੌਹਲ ਨੇ ਦੱਸਿਆ ਕਿ ਅੱਜ ਦੀ ਬੈਠਕ ਦੌਰਾਨ ਪੋਰਟਲ ਉਪਰ ਆਈਆਂ ਸ਼ਿਕਾਇਤਾਂ ਦਾ ਨਿਪਟਾਰਾ ਪੂਰੀ ਗੰਭੀਰਤਾ ਨਾਲ ਕੀਤਾ ਜਾ ਰਿਹਾ ਹੈ, ਜਦਕਿ 18 ਸ਼ਿਕਾਇਤਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਹੈ ਤੇ 35 ਸ਼ਿਕਾਇਤਾਂ ਓਪਨ ਹਨ, ਜਿਨ੍ਹਾਂ ਉਪਰ ਵਿਚਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਚੇਅਰਮੈਨ ਐਡਵੋਕੇਟ ਵਿਨੋਦ ਸਿੰਗਲਾ ਨੇ ਕਿਹਾ ਕਿ ਪਟਿਆਲਾ ਜਿਲੇ ਦੇ ਵਪਾਰੀਆਂ ਨੂੰ ਮਿਲਣ ਜਲਦ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਹੁੰਚ ਰਹੇ ਹਨ। ਵਾਈਸ ਚੇਅਰਮੈਨ ਗੁਰਪ੍ਰੀਤ ਸਿੰਘ ਧਮੋਲੀ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਜਿਸ ਲਈ ਕਮਿਸ਼ਨ ਵਪਾਰੀਆਂ ਦੇ ਨਾਲ ਖੜ੍ਹਾ ਹੈ ਅਤੇ ਲਗਾਤਾਰ ਉਨ੍ਹਾਂ ਦੀਆਂ ਸਾਰੀਆਂ ਸਮੱਸਿਆਵਾਂ ਦਾ ਹੱਲ ਕਰ ਰਿਹਾ ਹੈ।

ਚੇਅਰਮੈਨ ਨੇ ਅੱਗੇ ਕਿਹਾ ਕਿ ਵਪਾਰੀਆਂ ਵੱਲੋਂ ਉਠਾਈ ਜਾਣ ਵਾਲੀ ਹਰ ਸਮੱਸਿਆ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਸੰਬੰਧਿਤ ਵਿਭਾਗਾਂ ਦੇ ਸਹਿਯੋਗ ਨਾਲ ਉਨ੍ਹਾਂ ਦਾ ਜਲਦੀ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਵਪਾਰੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਨਾਲ ਸਿੱਧਾ ਰਾਬਤਾ ਕਰਨ, ਤਾਂ ਜੋ ਉਨ੍ਹਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ। ਇਸ ਦੌਰਾਨ ਟ੍ਰੇਡਰਜ ਕਮਿਸ਼ਨ ਦੇ ਮੈਂਬਰਜ ਸੰਜੀਵ ਗੁਪਤਾ, ਭੁਪਿੰਦਰ ਕੌਸ਼ਲ, ਵੇਦ ਪ੍ਰਕਾਸ਼ ਗਰਗ, ਪੁਨੀਤ ਬੁੱਧੀਰਾਜਾ ਤੇ ਕੀਰਤ ਸਿੰਘ ਸਿਹਰਾ, ਐਸ.ਡੀ.ਐਮਜ, ਸਹਾਇਕ ਕਮਿਸ਼ਨਰ ਜੀਐਸਟੀ ਗੁਰਸਿਮਰਨ ਕੌਰ, ਡੀ.ਐਸ.ਪੀ. ਜੰਗਜੀਤ ਸਿੰਘ ਰੰਧਾਵਾ ਸਮੇਤ ਨਗਰ ਨਿਗਮ ਤੇ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

## ਕੌਮਾਂਤਰੀ ਯੋਗ ਦਿਵਸ ਮੌਕੇ ਕਰਵਾਏ ਜਾਣ ਵਾਲੇ ਸਮਾਗਮ ਦੀਆਂ ਤਿਆਰੀਆਂ

**ਪਟਿਆਲਾ, 17 ਜੂਨ**
**-ਬਲਜੀਤ ਸਰਨਾ-**

ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਵਿੱਚ ਪਟਿਆਲਾ ਸ਼ਹਿਰ ਦੇ ਵੱਖ-ਵੱਖ ਪਾਰਕਾਂ ਵਿੱਚ ਸੀ.ਐਮ.ਦੀ ਯੋਗਸ਼ਾਲਾ ਤਹਿਤ ਯੋਗ ਕਰਵਾਏ ਜਾ ਰਹੇ ਹਨ , ਇਸੇ ਲੜੀ ਤਹਿਤ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਮੌਕੇ ਕਰਵਾਏ ਜਾਣ ਵਾਲੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਸਬੰਧੀ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਦੀ ਪ੍ਰਧਾਨਗੀ ਹੇਠ ਇਕ ਬੈਠਕ ਕੀਤੀ ਗਈ। ਉਹਨਾਂ ਆਮ ਲੋਕਾਂ ਨੂੰ ਜ਼ਿਲ੍ਹਾ ਪੱਧਰੀ ਸਮਾਰੋਹ ਵਿੱਚ ਭਰਵੀਂ ਸ਼ਮੂਲੀਅਤ ਕਰਨ ਦੀ ਅਪੀਲ ਕਰਦਿਆਂ ਦੱਸਿਆ ਕਿ 21 ਜੂਨ ਨੂੰ ਥਾਪਰ ਯੂਨੀਵਰਸਿਟੀ ਵਿਖੇ ਸਵੇਰੇ 6 ਵਜੇ ਅੰਤਰ ਰਾਸ਼ਟਰੀ ਯੋਗ ਦਿਵਸ ਮਨਾ ਕੇ ਲੋਕਾਂ ਨੂੰ ਸਿਹਤਮੰਦ ਜੀਵਨ ਜੀਊਣ ਦਾ ਸੰਦੇਸ਼ ਦਿੱਤਾ ਜਾਵੇਗਾ।

ਮੀਟਿੰਗ ਦੌਰਾਨ ਅਨੁਪ੍ਰਿਤਾ ਜੌਹਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿਹਤਮੰਦ ਜੀਵਨ ਅਤੇ ਮਨ ਦੀ ਸ਼ਾਤੀ ਸਭ ਤੋਂ ਵੱਡੀ ਜ਼ਰੂਰਤ ਬਣ ਚੁੱਕੀ ਹੈ। ਸਾਡੀ ਆਸ ਹੈ ਕਿ ਇਸ ਦਿਵਸ ਨਾਲ ਲੋਕ ਯੋਗਾ ਦੀ ਮਹੱਤਤਾ ਨੂੰ ਸਮਝ ਕੇ ਆਪਣੇ ਜੀਵਨ ਵਿੱਚ ਸਿਹਤਮੰਦ ਬਦਲਾਅ ਲਿਆਉਣਗੇ। ਉਹਨਾਂ ਕਿਹਾ ਕਿ ਯੋਗ ਸਿਰਫ ਸਰੀਰਕ ਵਰਕਆਊਟ ਨਹੀ ਬਲਕਿ ਮਨ ਅਤੇ ਆਤਮਾ ਦੀ ਸ਼ਾਂਤੀ ਲਈ ਵੀ ਜਰੂਰੀ ਹੈ। ਉਹਨਾਂ ਸਾਰੇ ਨਾਗਰਿਕਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਇਸ ਯੋਗਸ਼ਾਲਾ ਦਾ ਲਾਭ ਉਠਾਉਣ ਅਤੇ ਆਪਣੀ ਸਿਹਤ ਲਈ ਯੋਗਾ ਅਭਿਆਸ ਨੂੰ ਅਪਨਾਉਣ।

ਅਨੁਪ੍ਰਿਤਾ ਜੌਹਲ ਨੇ ਯੋਗ ਦਿਵਸ ਦੀਆਂ ਤਿਆਰੀਆਂ ਸਬੰਧੀ ਚਰਚਾ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਜਿੰਮੇਵਾਰੀਆਂ ਸੌਂਪੀਆਂ। ਉਹਨਾਂ ਪਟਿਆਲਾ ਵਾਸੀਆਂ ਨੂੰ ਯੋਗ ਦਿਵਸ ’ਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿਹਤਮੰਦ ਜੀਵਨ ਅਤੇ ਮਨ ਦੀ ਸ਼ਾਂਤੀ ਸਭ ਤੋਂ ਵੱਡੀ ਜ਼ਰੂਰਤ ਬਣ ਗਈ ਹੈ। ਉਹਨਾਂ ਕਿਹਾ ਕਿ ਯੋਗਾ ਦਾ ਮੂਲ ਮੰਤਵ ਸਰੀਰਕ ਤਾਕਤ, ਲਚਕੀਲਾਪਨ ਅਤੇ ਮਨ ਨੂੰ ਸ਼ਾਂਤ ਕਰਨ ਦੇ ਨਾਲ ਨਾਲ ਅੰਦਰੂਨੀ ਸ਼ਕਤੀ ਨੂੰ ਵਧਾਉਣਾ ਹੈ।

Shaheedeazamnews.com
ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807




Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807





# ਅਰਦਾਸ 'ਚ ਹੈ ਅਪਾਰ ਸ਼ਕਤੀ



ਭਾਰਤ ਇਕ ਧਰਮ ਪ੍ਰਧਾਨ ਦੇਸ਼ ਹੈ। ਇਥੇ ਜਨਜੀਵਨ ਵਿਚ ਧਰਮ ਅਤੇ ਸੰਸਕ੍ਰਿਤੀ ਦਾ ਬਹੁਤ ਪ੍ਰਭਾਵ ਹੈ। ਸਵੇਰ ਦੇ ਕੰਮਾਂ ਤੋਂ ਵਹਿਲੇ ਹੋਣ ਤਾਂ ਬਾਅਦ ਹਰ ਵਿਅਕਤੀ ਪੂਜਾ ਪਾਠ ਲਈ ਪ੍ਰਮਾਤਮਾ ਅੱਗੇ ਅਰਦਾਸ ਕਰਦਾ ਹੈ। ਪੂਜਾ ਪਾਠ ਤੋਂ ਬਾਅਦ ਅਰਦਾਸ ਦਾ ਕਾਫੀ ਮਹੱਤਵ ਮੰਨਿਆ ਜਾਂਦਾ ਹੈ। ਪ੍ਰਾਰਥਨਾ ਯਾਨੀ ਪ੍ਰਮਾਤਮਾ ਨਾਲ ਆਪਣਾ ਸਿੱਧਾ ਸਬੰਧ ਜੋੜਨਾ। ਅਰਦਾਸ ਜਾਂ ਪ੍ਰਾਰਥਨਾ ਇਕ ਧਾਰਮਿਕ ਕਿਰਿਆ ਹੈ। ਇਹ ਸਾਰੇ ਬ੍ਰਹਿਮੰਡ ਦੀ ਕਿਸੇ ਵਿਰਾਟ ਸ਼ਕਤੀ ਯਾਨੀ ਪ੍ਰਮਾਤਮਾ ਨਾਲ ਜੁੜਨ ਦਾ ਕੰਮ ਕਰਦੀ ਹੈ। ਪ੍ਰਾਰਥਨਾ ਵਿਅਕਤੀ ਜਾਂ ਸਮੂਹਿਕ ਦੋਹਾਂ ਰੂਪਾਂ ਵਿਚ ਹੋ ਸਕਦੀ ਹੈ। ਪ੍ਰਾਰਥਨਾ ਜਾਂ ਅਰਦਾਸ ਬੇਨਤੀ ਜ਼ਰੀਏ ਊਰਜਾ ਪ੍ਰਾਪਪਤ ਕਰਨ ਦੀ ਸ਼ਕਤੀ ਹੈ। ਪ੍ਰਾਰਥਨਾ ਦਾ ਅਰਥ ਹੈ ਜੀਵ ਆਤਮਾ ਨਾਲ ਭਗਤੀ ਅਤੇ ਪ੍ਰੇਮ ਮਈ ਸਬੰਧ। ਪ੍ਰਾਤਮਾ ਦੀ ਪ੍ਰਾਪਤੀ ਲਈ ਆਦਰਸ਼ ਅਰਦਾਸ ਵਿਆਕੁਲਤਾ ਦੀ ਭਾਵਮਈ ਪ੍ਰਗਟਾਵਾ ਕਰਦੀ ਹੈ। ਇਸ ਨਾਲ ਦਿਲ ਵਿਚ ਅਜਿਹੇ ਭਾਵ ਉਠਣਗੇ ਜੋ ਪ੍ਰਮਾਤਮਾ ਤਕ ਪ੍ਰਾਰਥਨਾ ਰੂਪ ਨਾਲ ਭਰਪੂਰ ਹੋਣਗੇ। ਲਗਪਗ ਸਾਰੇ ਧਰਮ ਗ੍ਰੰਥਾਂ ਵਿਚ ਇਹ ਗੱਲ ਸਾਫ ਤੌਰ 'ਤੇ ਕਹੀ ਗਈ ਹੈ ਕਿ ਇਸ਼ਵਰ ਅੱਗੇ ਕਿਸੇ ਭਾਵ ਜਾਂ ਭਾਵਨਾ ਨਾਲ ਪ੍ਰਾਰਥਨਾ ਕਰਦੇ ਹੋ ਪ੍ਰਮਾਤਮਾ ਵੀ ਉਸੇ



ਅਰਦਾਸ ਨਾਲ ਦਿਲ ਵਿਚ ਅਜਿਹੇ ਭਾਵ ਉਠਣਗੇ ਜੋ ਪ੍ਰਮਾਤਮਾ ਤਕ ਪ੍ਰਾਰਥਨਾ ਰੂਪ ਨਾਲ ਭਰਪੂਰ ਹੋਣਗੇ।

ਰੂਪ ਵਿਚ ਉਸ ਨੂੰ ਸਵਿਕਾਰ ਕਰਦਾ ਹੈ। ਇਸ ਲਈ ਮਨ ਤੇ ਹਿਰਦਾ ਪਵਿੱਤਰ ਹੋਣਾ ਬੇਹੱਦ ਜ਼ਰੂਰੀ ਹੈ। ਪ੍ਰਾਰਥਨਾ ਹੋਰ ਕੁਝ ਨਹੀਂ ਸਿਰਫ ਪ੍ਰਮੇਸ਼ਵਰ ਨਾਲਗੱਲਾਂ ਕਰਨੀਆਂ ਹਨ।

ਪ੍ਰਮੇਸ਼ਵਰ ਤੁਹਾਨੂੰ ਜਾਣਦਾ ਹੈ ਅਤੇ ਉਹ ਇਹ ਵੀ ਜਾਣਦਾ ਹੈ ਕਿ ਤੁਹਾਡੇ ਦਿਲ ਦਾ ਵਿਵਹਾਰ ਕਿਹੋ ਜਿਹਾ ਹੈ। ਸੱਚੇ ਮਨ ਨਾਲ ਪ੍ਰਮਾਤਮਾ ਨਾਲ ਕੀਤੀਆਂ ਗਈਆਂ ਗੱਲਾਂ ਨੂੰ ਉਹ ਵੀ ਸਵਿਕਾਰਦਾ ਹੈ ਅਤੇ ਉਸ ਮੁਤਾਬਕ ਫਲ ਵੀ ਪ੍ਰਦਾਨ ਕਰਦਾ ਹੈ।

**ਈਸ਼ਵਰ ਪ੍ਰਾਪਤੀ ਦਾ ਸਹਿਜ ਮਾਰਗ**

ਪ੍ਰਮਾਤਮਾ ਅਤੇ ਅਧਿਆਤਮਕ ਸ਼ਕਤੀਆਂ ਨੂੰ ਪ੍ਰਾਪਤ ਕਰਨ ਲਈ ਦੋ ਵਿਧੀਆਂ ਹਨ। ਭਗਤੀ ਮਾਰਗ ਵਿਚ ਪ੍ਰਾਰਥਨਾ ਅਤੇ ਧਿਆਨ ਦੋਵੇਂ ਮਹੱਤਵਪੂਰਨ ਦੱਸੇ ਗਏ ਹਨ। ਧਿਆਨ ਪ੍ਰਾਰਥਨਾ ਤੋਂ ਥੋੜਾ ਮੁਸ਼ਕਲ ਹੈ। ਪ੍ਰਾਰਥਨਾ ਸਹਿਜ ਹੈ ਪਰ ਧਿਆਨ ਵਿਚ ਇਕਾਗਰਤਾ ਹੋਣੀ ਬਹੁਤ ਜ਼ਰੂਰੀ ਹੈ। ਪ੍ਰਮਾਤਮਾ ਨਾਲ ਹ ਮੇ ਸ਼ਾ ਗੁਣ ਗ੍ਰਹਿਣ ਕਰਨ ਦੀ ਹੀ ਗਿਣਤੀ ਕੀਤੀ ਜਾਣੀ ਚਾਹੀਦੀ ਹੈ। ਪ੍ਰਾਰਥਨਾ ਨਾਲ ਇਸ ਨੂੰ ਆਚਰਣ ਵਿਚ ਵੀ ਉਤਾਰਨਾ ਚਾਹੀਦਾ ਹੈ ਨਹੀਂ ਤਾਂ ਪ੍ਰਾਰਥਨਾ ਸਵੀਕਾਰੀ ਨਹੀਂ ਜਾਵੇਗੀ ਅਤੇ ਫਲ ਨਹੀਂ ਦੇਵੇਗੀ। ਜੇ ਪ੍ਰਾਰਥਨਾ ਮਨ ਨਾਲ ਕੀਤੀ ਜਾਵੇ ਅਤੇ ਆਚਰਣ ਵਿਚ ਨਾ ਲਿਆਂਦੀ ਜਾਵੇ ਤਾਂ ਪ੍ਰਾਰਥਨਾ ਦਾ ਫਲ ਪ੍ਰਾਪਤ ਨਹੀਂ ਹੁੰਦਾ।

**ਸਮੱਸਿਆਵਾਂ ਦਾ ਹੱਲ**

ਸੱਚੇ ਮਨ ਨਾਲ ਕੀਤੀ ਗਈ ਪ੍ਰਾਰਥਨਾ ਨਾਲ ਸਾਰੀਆਂ ਸਮੱਸਿਆਵਾਂ ਦਾ ਹੱਲ ਹੋ ਜਾਂਦਾ ਹੈ। ਜਦ ਸਾਨੂੰ ਕੋਈ ਰਾਹ ਨਹੀਂ ਸੁਝਦਾ ਅਤੇ ਅਸੀਂ ਜੇ ਸੱਚੇ ਮਨ ਨਾਲ ਪ੍ਰਾਰਥਨਾ ਕਰੀਏ ਤਾਂ ਸਾਨੂੰ ਈਸ਼ਵਰ ਤੋਂ ਮਾਰਗ ਦਰਸ਼ਕ ਪ੍ਰਾਪਤ ਹੁੰਦਾ ਹੈ। ਈਸਾ ਮਸੀਹ, ਮਹਾਤਮਾ ਬੁੱਧ ਆਦਿ ਨੂੰ ਈਸ਼ਵਰ 'ਤੇ ਅਟੁੱਟ ਆਸਥਾ ਸੀ। ਉਨ੍ਹਾਂ ਦੀ ਸੱਚੀ ਪ੍ਰਾਰਥਨਾ ਦਾ ਕਮਾਲ ਸੀ ਕਿ ਉਹ ਆਪਣੇ ਮਨੋਬਲ ਨੂੰ ਮਜ਼ਬੂਤ ਕਰ ਸਕੇ ਅਤੇ ਆਪਣੇ ਟੀਚੇ ਤੋਂ ਪਿੱਛੇ ਨਹੀਂ ਹਟੇ ਅਤੇ ਪ੍ਰਮਾਤਮਾ ਦੀ ਪ੍ਰਾਪਤੀ ਕਰ ਲਈ।•



# ਸਿੱਖ ਧਰਮ 'ਚ ਲਾਸਾਨੀ ਸ਼ਹਾਦਤ ਦਾ ਮਹਾਤਮ

**ਡਾ. ਬਲਵਿੰਦਰ ਸਿੰਘ ਥਿੰਦ**
ਅਧਿਆਪਨ ਨਾਲ ਜੁੜੇ ਹੋਏ ਅਤੇ ਕਾਲਮ ਨਵੀਸ ਹਨ।

ਨੈਤਿਕ ਕਦਰਾਂ-ਕੀਮਤਾਂ, ਇਖ਼ਲਾਕ, ਸਚਿਆਰ, ਸਦਾਚਾਰ 'ਤੇ ਉਸਰੇ ਮਾਡਲ ਨੂੰ ਧਰਮ ਕਿਹਾ ਜਾਂਦਾ ਹੈ ਅਤੇ ਇਹ ਗੁਣ ਸਿੱਖ ਧਰਮ ਦੀ ਬੁਨਿਆਦ ਹਨ। ਅਸਲ ਵਿਚ ਸਿੱਖ ਧਰਮ ਜਿੱਥੇ ਪ੍ਰਯੋਗੀ ਹੋਣ ਕਰਕੇ ਬਾਹਰਮੁਖੀ ਹੈ ਉਥੇ ਸਿਧਾਂਤਕ ਹੋਣ ਕਰਕੇ ਅੰਤਰਮੁਖੀ ਵਧੇਰੇ ਹੈ। ਅੰਤਰ ਮਨ 'ਚ ਵਸੇ ਅਕਾਲ ਪੁਰਖ ਅਤੇ ਮੌਤ ਨਾਲ ਸਿੱਖ ਦੀ ਯਥਾਰਥਕ ਸਾਂਝ ਹੈ। ਕੁਝ ਲੋਕ ਅਜਿਹੇ ਵੀ ਹੁੰਦੇ ਹਨ ਜੋ ਆਪਣੀ ਜ਼ਿੰਦਗੀ ਵਿਚ ਅਣਖ, ਸੱਚ, ਸਵੈਮਾਨ, ਇਖ਼ਲਾਕ ਦੇ ਰਸਤੇ 'ਤੇ ਚਲਦਿਆਂ ਜ਼ੁਲਮ ਦੇ ਘੋਲ ਵਿਚ ਨਹੀਂ ਘੁਲਦੇ ਬਲਕਿ ਉਸ ਕੁਦਰਤੀ ਮੌਤ ਦੀ ਉਡੀਕ ਨਾ ਕਰਦਿਆਂ ਮੌਤ ਨੂੰ ਆਪ ਗਲ਼ੇ ਜਾ ਮਿਲਦੇ ਹਨ। ਅਜਿਹੇ ਲੋਕਾਂ ਨੂੰ ਸਬੰਧਿਤ ਕੌਮ ਦੇ ਇਤਿਹਾਸ ਵਿਚ 'ਸ਼ਹੀਦ' ਦੇ ਨਾਂ ਨਾਲ ਯਾਦ ਕੀਤਾ ਜਾਂਦਾ ਹੈ ਅਤੇ ਉਸ ਦੀ ਕੁਰਬਾਨੀ ਨੂੰ 'ਸ਼ਹਾਦਤ' ਦੇ ਨਾਂ ਨਾਲ ਸਤਿਕਾਰਿਆ ਜਾਂਦਾ ਹੈ। 'ਸ਼ਹੀਦ' ਅਰਬੀ ਭਾਸ਼ਾ ਦਾ ਸ਼ਬਦ ਹੈ, ਜਿਸ ਦੇ ਅਰਥ 'ਖ਼ੁਦਾ ਦੇ ਰਾਹ 'ਤੇ ਮਾਰਿਆ ਜਾਣ ਵਾਲਾ ਗਵਾਹ, ਸਾਖੀ, ਸ਼ਾਹਦੀ ਭਰਨ ਵਾਲਾ' ਹਨ। ਇਸ ਤਰ੍ਹਾਂ 'ਸ਼ਹੀਦ' ਆਪਣੀ 'ਸ਼ਹਾਦਤ' ਦੇ ਕੇ ਆਪਣੇ ਅਕੀਦੇ ਦੀ ਗਵਾਹੀ ਦਾ ਸਬੂਤ ਖ਼ੁਦ ਦਿੰਦਾ ਹੈ। ਬੁਜ਼ਦਿਲੀ ਦੀ ਮੌਤ ਦੇਸ਼, ਕੌਮ ਤੇ ਸਮਾਜ ਲਈ ਭਾਰੂ ਹੁੰਦੀ ਹੈ ਜਦਕਿ ਸ਼ਹੀਦ ਦੀ ਬਹਾਦਰੀ ਭਰੀ ਮੌਤ ਆਪਣੇ ਪਿੱਛੇ ਸੁਨਹਿਰਾ ਇਤਿਹਾਸ, ਸੂਰਬੀਰਤਾ ਦੀ ਜਾਗ ਅਤੇ ਸਦਾ ਚੜ੍ਹਦੀ ਕਲਾ ਦਾ ਸੁਨੇਹਾ ਦੇ ਕੇ ਅਮਰ ਹੋ ਜਾਂਦੀ ਹੈ। ਅਜਿਹੀ ਮੌਤ ਹੀ ਕਿਸੇ ਮਨੁੱਖ ਨੂੰ ਲੋਕ/ ਪਰਲੋਕ ਵਿਚ ਇੱਜ਼ਤ ਦਾ ਹੱਕਦਾਰ ਬਣਾਉਂਦੀ ਹੈ। ਸ਼ਹੀਦ ਦੇ ਪੈਰੋਕਾਰਾਂ ਲਈ ਅਜਿਹੀ ਮੌਤ ਉਸ ਕੌਮ ਦੀ ਅਮਾਨਤ ਤੇ ਵਡਮੁੱਲਾ ਖ਼ਜ਼ਾਨਾ ਹੁੰਦੀ ਹੈ, ਜਿਸ ਨਾਲ ਕਿਸੇ ਕੌਮ/ ਧਰਮ ਨੂੰ ਅਮੀਰੀ ਮਿਲਦੀ ਹੈ। ਸਿੱਖ ਧਰਮ ਵਿਚ ਸ਼ਹਾਦਤ ਦਾ ਇਤਿਹਾਸ ਗੁਰੂ ਸਾਹਿਬਾਨ ਨੇ ਖ਼ੁਦ ਧਰਮ ਕਾਫ਼ਲੇ ਦੇ ਮੋਹਰੀ ਬਣ ਕੇ ਸਿਰਜਿਆ ਹੈ। ਸਿੱਖ ਧਰਮ ਦੇ ਮੋਢੀ ਗੁਰੂ ਨਾਨਕ ਸਾਹਿਬ ਜੀ ਦੁਆਰਾ ਸ਼ਹਾਦਤ ਦਾ ਸੰਕਲਪ ਇਉਂ ਪੇਸ਼ ਹੈ:

'ਜਉ ਤਉ ਪ੍ਰੇਮ ਖੇਲਣ ਕਾ ਚਾਉ।। ਸਿਰੁ ਧਰਿ ਤਲੀ ਗਲੀ ਮੇਰੀ ਆਉ।। ਇਤੁ ਮਾਰਗਿ ਪੈਰੁ ਧਰੀਜੈ।। ਸਿਰੁ ਦੀਜੈ ਕਾਣਿ ਨ ਕੀਜੈ।।'

ਗੁਰੂ ਨਾਨਕ ਸਾਹਿਬ ਜੀ ਦੁਆਰਾ ਪੇਸ਼ ਸ਼ਹਾਦਤ ਦੇ ਸੰਕਲਪ ਨੂੰ ਅੱਗੇ ਤੋਰਦਿਆਂ ਗੁਰੂ ਅਰਜਨ ਦੇਵ ਜੀ ਜ਼ਿੰਦਗੀ ਦਾ ਰਾਜ ਸਮਝਾਉਂਦੇ ਹੋਏ ਕਹਿੰਦੇ ਹਨ: 'ਰਤੇ ਸੇਈ ਜਿ ਮੁਖੁ ਨ ਮੋੜੰਨਿ ਜਿਨੀ ਸਿਞਾਤਾ ਸਾਈ।। ਝੜਿ ਝੜਿ ਪਵਦੇ ਕਚੇ ਬਿਰਹੀ ਜਿਨਾ ਕਾਰਿ ਨ ਆਈ।।' ਇਸੇ ਕਹਿਣੀ ਨੂੰ ਕਰਨੀ ਵਿਚ ਬਦਲਦਿਆਂ 'ਸ਼ਹੀਦਾਂ ਦੇ ਸਿਰਤਾਜ' ਗੁਰੂ ਅਰਜਨ ਦੇਵ ਜੀ ਨੇ ਮੌਤ ਦਾ ਯਥਾਰਥਕ ਜਾਮਾ ਪਹਿਨਿਆ। ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੁਨੀਆ ਦੇ ਇਤਿਹਾਸ ਵਿਚ ਨਿਵੇਕਲੀ ਤੇ ਯੁੱਗ ਪਲਟਾਊ ਹੈ, ਜਿਸ ਨਾਲ ਸਿੱਖ ਧਰਮ ਵਿਚ ਇਕ ਨਵਾਂ ਮੋੜ ਆਇਆ। ਨੈਤਿਕ ਆਦਰਸ਼ਾਂ ਨੂੰ ਬਰਕਰਾਰ ਰੱਖਣ ਅਤੇ ਜ਼ੁਲਮ ਦਾ ਖ਼ਾਤਮਾ ਕਰਨ ਲਈ ਕਿਰਪਾਨ ਚੁੱਕਣੀ ਜ਼ਰੂਰੀ ਹੋ ਗਈ ਸੀ। ਸੋ ਭਗਤੀ ਨਾਲ ਸ਼ਕਤੀ ਦਾ ਸੁਮੇਲ ਛੇਵੇਂ ਗੁਰੂ ਹਰਿਗੋਬਿੰਦ ਸਾਹਿਬ ਨੇ 'ਮੀਰੀ ਤੇ ਪੀਰੀ' ਦੀਆਂ ਦੋ ਤਲਵਾਰਾਂ ਧਾਰਨ ਕਰ ਕੇ ਕਰਵਾਇਆ। ਗੁਰਮਤਿ ਵਿਚਾਰਧਾਰਾ ਦੇ ਪ੍ਰਸਿੱਧ ਵਿਦਵਾਨ ਭਾਈ ਗੁਰਦਾਸ ਜੀ 'ਸ਼ਹੀਦ' ਪ੍ਰਤੀ ਲਿਖਦੇ ਹਨ ਕਿ ਸਬਰ ਤੇ ਸਿਦਕ 'ਸ਼ਹੀਦ' ਦੇ ਬੁਨਿਆਦੀ ਤੱਤ ਹਨ। ਅਜਿਹੇ ਤੱਤਾਂ ਦੀ ਕਰਤਾਰੀ ਜੋਤ ਦੇ ਆਸਰੇ ਹੀ ਸ਼ਹੀਦ ਆਤਮਾ ਭਰਮ/ ਭਉ ਤੋਂ ਮੁਕਤ ਹੋ ਜਾਂਦੀ ਹੈ। ਗੁਰਮਤਿ ਦਾ ਕੇਂਦਰੀ ਉਪਦੇਸ਼ ਮੂਲ ਮੰਤਰ ਹੈ, ਜਿਸ 'ਚ ਨਿਰਭਉ, ਨਿਰਵੈਰ ਪ੍ਰਭੂ ਦੇ ਗੁਣ ਹਨ ਤੇ ਇਨ੍ਹਾਂ ਉਪਦੇਸ਼ਾਂ 'ਤੇ ਚੱਲਣ ਵਾਲਾ ਧਰਮੀ ਹੋ ਨਿਬੜਦਾ ਹੈ। ਧਰਮ ਦਾ ਮਾਰਗ ਹੀ ਸ਼ਹੀਦੀ ਲਈ ਪ੍ਰੇਰਦਾ ਹੈ। ਇਸ ਮਾਰਗ ਦੇ ਪਾਂਧੀ 'ਸ਼ਹੀਦ' ਦੀ ਆਤਮਾ ਨਾ ਕਿਸੇ ਤੋਂ ਡਰਦੀ ਹੈ ਅਤੇ ਨਾ ਹੀ ਕਿਸੇ ਨੂੰ ਡਰਾਉਂਦੀ ਹੈ। 'ਹਿੰਦ ਦੀ ਚਾਦਰ' ਨੌਵੇਂ ਗੁਰੂ ਤੇਗ ਬਹਾਦਰ ਜੀ ਇਸ ਸੰਕਲਪ ਦੀ ਵਿਆਖਿਆ ਪੇਸ਼ ਕਰਦੇ ਹੋਏ ਸ਼ਹਾਦਤ ਮਾਰਗ ਦੇ ਸ਼ਾਹ ਅਸਵਾਰ ਹੋਏ ਹਨ : 'ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ।। ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ।।' ਦਸਵੇਂ ਪਾਤਸ਼ਾਹ ਗੁਰੂ ਗੋਬਿੰਦ ਸਿੰਘ ਜੀ ਨੇ ਢੁੱਕਵੇਂ ਸਮੇਂ ਦੀ ਪੂਰਤੀ ਲਈ 1699 ਈਸਵੀ ਨੂੰ ਵਿਸਾਖੀ ਵਾਲੇ ਦਿਨ ਹੱਕ, ਸੱਚ, ਇਨਸਾਫ਼ ਆਦਿ ਧਰਮੀ ਗੁਣਾਂ 'ਤੇ ਲੜਨ/ਮਰਨ ਵਾਲਿਆਂ ਦੀ ਚੋਣ ਕੀਤੀ। ਸਿੱਟੇ ਵਜੋਂ ਕਿਰਪਾਨ ਦੀ ਧਾਰ ਹੇਠ ਜ਼ਿੰਦਗੀ ਤੇ ਮੌਤ ਨੂੰ ਸਮਸਰਿ ਕਰ ਕੇ ਜਾਣਨ ਵਾਲੇ ਪੰਜ ਸੂਰਬੀਰਾਂ ਦੀ ਪਛਾਣ ਕੀਤੀ। ਉਨ੍ਹਾਂ ਸੂਰਬੀਰਾਂ ਨੂੰ ਦੋ ਧਾਰੀ ਖੰਡੇ ਦੀ ਪਹੁਲ ਨਾਲ ਤਿਆਰ ਕੀਤੇ ਅੰਮ੍ਰਿਤ ਨੂੰ ਛਕਾ ਕੇ ਅਤੇ ਖ਼ੁਦ ਉਨ੍ਹਾਂ ਪਾਸੋਂ ਛਕ ਕੇ ਬਾਣੀ ਨੂੰ ਬਾਣੇ ਦੇ ਰੂਪ 'ਚ ਸਾਕਾਰ ਕੀਤਾ। ਇਹ ਉਹ ਇਨਕਲਾਬ ਸੀ ਜਿੱਥੇ ਪੰਜ ਪਿਆਰਿਆਂ ਦੇ ਨਾਂ ਅਤੇ ਆਪਣੇ ਨਾਂ ਨਾਲ 'ਸਿੰਘ' ਸ਼ਬਦ ਜੋੜ ਕੇ ਸ਼ੇਰਾਂ ਦੀ ਇਕ ਅਜਿਹੀ ਕੌਮ ਤਿਆਰ ਕਰ ਦਿੱਤੀ ਜਿਸ ਨੂੰ ਮਰਨਾ ਚਾਅ ਜਾਪਣ ਲੱਗਿਆ। ਚਾਰ ਸਾਹਿਬਜ਼ਾਦਿਆਂ ਦੀ ਸ਼ਹਾਦਤ ਵੇਲੇ ਵੀ ਗੁਰੂ ਗੋਬਿੰਦ ਸਿੰਘ ਜੀ ਦਾ ਅਡੋਲ ਚਿਹਰਾ ਚੜ੍ਹਦੇ ਸੂਰਜ ਵਾਂਗ ਪੂਰੇ ਜਲੋਅ 'ਚ ਸੀ। ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੀ ਬਾਤ ਪਾਉਂਦਾ ਸਮਕਾਲੀ ਮੁਸਲਮਾਨ ਪ੍ਰਸਿੱਧ ਕਵੀ ਯੋਗੀ ਅੱਲ੍ਹਾ ਯਾਰ ਖਾਂ ਲਿਖਦਾ ਹੈ : 'ਬੱਸ ਏਕ ਤੀਰਥ ਹੈ ਹਿੰਦ ਮੇਂ ਯਾਤਰਾ ਕੇ ਲੀਏ, ਕਟਾਏ ਬਾਪ ਨੇ ਬੱਚੇ ਜਹਾਂ ਖ਼ੁਦਾ ਕੇ ਲੀਏ।' ਅਜਿਹੇ ਕਾਰਨਾਮਿਆਂ ਸਦਕਾ ਹੀ ਤਾਂ ਕਿਹਾ ਜਾਂਦਾ ਹੈ, 'ਸਿੱਖੀ ਸਰੀਰਾਂ ਦਾ ਨਹੀਂ ਸਗੋਂ ਰੂਹਾਂ ਦਾ ਕਾਫ਼ਲਾ ਹੈ।' ਸਦੀਆਂ ਤੋਂ ਕਾਇਮ ਮੁਗਲ ਸਲਤਨਤ ਦੀਆਂ ਜੜ੍ਹਾਂ ਉਖੜਨੀਆਂ ਇਸੇ ਲਾਸਾਨੀ ਸ਼ਹਾਦਤ ਦਾ ਹੀ ਕਮਾਲ ਸੀ। ਸਿੱਖ ਧਰਮ 'ਚ ਸ਼ਹਾਦਤ ਦਾ ਜੇ ਸਮੁੱਚਾ ਮੁਲਾਂਕਣ ਕਰੀਏ ਤਾਂ ਸਿੱਖ ਕੌਮ ਅੰਦਰ 'ਸ਼ਹਾਦਤ' ਦੀ ਸ਼੍ਰੇਣੀ ਵਿਚ ਇਕ ਸ਼ਹੀਦ ਉਹ ਗਿਣੇ ਜਾਂਦੇ ਹਨ ਜਿਨ੍ਹਾਂ ਨੇ ਧਰਮ ਦੇ ਮਾਰਗ 'ਤੇ ਚਲਦਿਆਂ ਸੱਚੇ-ਸੁੱਚੇ ਆਦਰਸ਼ ਲਈ ਸ਼ਾਂਤ ਚਿੱਤ ਹੋ ਕੇ ਕੁਰਬਾਨੀ ਦਿੱਤੀ। ਨਿੱਜ ਤੋਂ ਹਟ ਕੇ ਪਰ ਲਈ ਜੀਵਣਾ ਅਤੇ ਭਾਣੇ ਨੂੰ ਮਿੱਠਾ ਕਰਕੇ ਮੰਨਣ ਨੂੰ ਅਜਿਹੇ ਸ਼ਹੀਦ ਆਪਣਾ ਜੀਵਨ ਮਕਸਦ ਸਮਝਦੇ ਹਨ। ਸਿੱਖ ਧਰਮ ਅੰਦਰ ਸ੍ਰੀ ਗੁਰੂ ਅਰਜਨ ਦੇਵ ਜੀ ਇਸ ਕਾਫ਼ਲੇ ਦੇ ਮੋਹਰੀ ਹੋਏ ਹਨ। ਦੂਜੀ ਸ਼੍ਰੇਣੀ ਦੇ ਉਹ 'ਸ਼ਹੀਦ' ਹਨ ਜਿਨ੍ਹਾਂ ਨੇ ਪਰਉਪਕਾਰ ਕਰਦਿਆਂ ਦੂਸਰੇ ਧਰਮਾਂ ਨੂੰ ਬਚਾਉਣ ਲਈ ਕੁਰਬਾਨੀ ਦਿੱਤੀ। ਗੁਰੂ ਤੇਗ ਬਹਾਦਰ ਜੀ ਇਸ ਸ਼ਹਾਦਤ ਦੀ ਇਤਿਹਾਸਕ ਮਿਸਾਲ ਹਨ ਕਿਉਂਕਿ ਗੁਰੂ ਸਾਹਿਬ ਜੀ ਇਸ ਮਕਸਦ ਦੀ ਪੂਰਤੀ ਲਈ ਆਪਣੇ ਕਾਤਲ ਕੋਲ ਖ਼ੁਦ 300 ਮੀਲ ਪੈਦਲ ਚੱਲ ਕੇ ਜਾਂਦੇ ਹਨ। ਤੀਜੇ ਸ਼ਹੀਦ ਉਹ ਹਨ ਜੋ ਅਣਖ, ਗ਼ੈਰਤ ਖ਼ਾਤਰ ਮੈਦਾਨੇ ਜੰਗ ਅੰਦਰ ਜੂਝਦੇ ਹੋਏ ਜ਼ੁਲਮ ਤੇ ਜ਼ਾਲਮ ਵਿਰੁੱਧ ਲੜਦਿਆਂ ਸ਼ਹਾਦਤ ਦਾ ਜਾਮ ਪੀਂਦੇ ਹਨ। ਇਸ ਘੋਲ ਵਿਚ ਸਿੱਖ ਕੌਮ ਦੇ ਅਣਗਿਣਤ ਸ਼ਹੀਦ ਹੋਏ ਹਨ ਜੋ ਪੂਰੇ ਜਾਹੋ-ਜਲਾਲ ਤੇ ਸ਼ਿੱਦਤ ਨਾਲ ਮੌਤ ਰੂਪੀ ਸ਼ਮ੍ਹਾ ਦੇ ਪਰਵਾਨੇ ਬਣੇ ਹਨ। ਦਰਅਸਲ ਸਿੱਖ ਕੌਮ ਨੂੰ 'ਸ਼ਹਾਦਤ' ਦੇ ਵਾਰਸ ਬਣਾਉਣ ਲਈ ਜਿੱਥੇ ਗੁਰੂ ਸਾਹਿਬਾਨ ਦੀਆਂ ਕੁਰਬਾਨੀਆਂ ਹਨ, ਉੱਥੇ 'ਸ਼ਹਾਦਤ' ਦੀ ਜਾਗ ਨੂੰ ਸਦੀਵੀ ਰੱਖਣ ਪਿੱਛੇ ਕਾਰਜਸ਼ੀਲ ਬਾਣੀ ਹੈ। ਬਾਣੀ ਜਦੋਂ ਬਾਣੇ ਵਿਚ ਪ੍ਰਵੇਸ਼ ਹੁੰਦੀ ਹੈ ਤਾਂ ਉਦੋਂ ਭਗਤੀ ਸ਼ਕਤੀ ਦਾ ਰੂਪ ਧਾਰਨ ਕਰ ਲੈਂਦੀ ਹੈ। ਨਤੀਜੇ ਵਜੋਂ ਸੰਤ ਸਿਪਾਹੀ ਦਾ ਰੂਪ ਧਾਰ ਕੇ ਹੱਥ ਸ਼ਾਸਤਰ ਦੀ ਥਾਂ ਜਦੋਂ ਸ਼ਸਤਰ ਫੜ ਲੈਂਦਾ ਹੈ ਤਾਂ ਕੋਈ ਪਰਵਾਨਾ 'ਸ਼ਹੀਦ' ਹੋ ਨਿਬੜਦਾ ਹੈ। ਇਹੀ ਕਾਰਨ ਹੈ ਕਿ ਗੁਰੂ ਸਾਹਿਬਾਨ ਤੋਂ ਸ਼ਹਾਦਤ ਦੀ ਪ੍ਰੇਰਨਾ ਲੈਂਦਿਆਂ ਸਮੇਂ-ਸਮੇਂ ਵਕਤੀ ਜਬਰ/ਜ਼ੁਲਮ ਵਿਰੁੱਧ ਅੜਨ/ਲੜਨ ਵਾਲੇ ਸ਼ਹੀਦਾਂ ਦੀ ਇਕ ਲੰਮੀ ਸੂਚੀ ਬਣ ਗਈ, ਜਿਸ 'ਤੇ ਅੱਜ ਹਰ ਸਿੱਖ ਮਾਣ ਕਰਦਾ ਹੈ। ਮੁਕਦੀ ਗੱਲ ਤਾਂ ਇਹ ਹੈ ਕਿ ਜਿਸ ਧਰਮ ਦੀ ਬੁਨਿਆਦ ਸ਼ਹੀਦਾਂ ਦੀਆਂ ਹੱਡੀਆਂ 'ਤੇ ਉੱਸਰੀ ਹੋਵੇ ਭਲਾ ਉਸ ਕੌਮ ਦਾ ਕੋਈ ਕੀ ਵਿਗਾੜ ਸਕਦਾ ਹੈ? 'ਜਿਸ ਕੌਮ ਨੂੰ ਮਰਨ ਦਾ ਚਾਅ ਹੋਵੇ, ਉਹ ਕੌਮ ਕਦੇ ਨਹੀਂ ਡਰ ਸਕਦੀ। ਜਿਸ ਕੌਮ ਦਾ ਜ਼ਿੰਦਾ ਇਤਿਹਾਸ ਹੋਵੇ, ਉਹ ਕੌਮ ਕਦੇ ਨਹੀਂ ਮਰ ਸਕਦੀ।'

## ਭਾਰਤੀ ਜਨਤਾ ਪਾਰਟੀ ਬੁੱਧੀਜੀਵੀ ਸੈੱਲ ਦੀ ਵਿਸ਼ੇਸ਼ ਮੀਟਿੰਗ ਹੋਈ

# 12 ਸਾਲਾਂ ਦੌਰਾਨ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਿੱਚ ਦੇਸ਼ ਤਰੱਕੀ ਵੱਲ ਵਧਿਆ:ਡਾ. ਪ੍ਰਵੀਨ ਗੋਇਲ



**ਮਾਛੀਵਾੜਾ ਸਾਹਿਬ, 17 ਜੂਨ**
**-ਸ਼.ਅ.ਬਿਓਰੋ-**

ਭਾਰਤੀ ਜਨਤਾ ਪਾਰਟੀ ਬੁੱਧੀਜੀਵੀ ਸੈਲ ਦੀ ਇੱਕ ਵਿਸ਼ੇਸ਼ ਮੀਟਿੰਗ ਮਾਛੀਵਾੜਾ ਸਾਹਿਬ ਦੇ ਬੀਜੇਪੀ ਦਫਤਰ ਵਿਖੇ ਲੋਕ ਸਭਾ ਹਲਕਾ ਫਤਿਹਗੜ੍ਹ ਦੇ ਕਨਵੀਨਰ ਡਾਕਟਰ ਪਰਵੀਨ ਗੋਇਲ ਦੀ ਅਗਵਾਈ ਅਤੇ ਪੀ. ਕੇ ਭਾਰਤਵਾਜ ਸਟੇਟ ਕਨਵੀਨਰ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹੋਈ । ਪ੍ਰੈਸ ਨੂੰ ਜਾਣਕਾਰੀ ਦੱਸਿਆ ਡਾਕਟਰ ਪਰਵੀਨ ਗੋਇਲ ਨੇ ਦੱਸਿਆ ਕਿ ਦੇਸ਼ ਵਿੱਚ ਮੋਦੀ ਸਰਕਾਰ ਦੇ 12 ਸਾਲ ਪੂਰੇ ਹੋਣ ਤੇ ਭਾਜਪਾ ਦੇ ਆਗੂਆਂ ਅਤੇ ਵਰਕਰਾਂ ਨੇ ਲੱਡੂ ਵੰਡ ਕੇ ਖੁਸ਼ੀ ਮਨਾਈ ਅਤੇ 12 ਸਾਲਾਂ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਹੋਏ ਵਿਕਾਸ ਕਾਰਜਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਹਨਾਂ ਨੇ ਕਿਹਾ ਕਿ 4399 ਦਿਨਾਂ ਦੇ ਕਾਰਜ ਕਾਲ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਸਾਬਕਾ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਤੋਂ ਬਾਅਦ ਸਭ ਤੋਂ ਲੰਬੇ ਸਮੇਂ ਤੱਕ ਦੇਸ਼ ਦੀ ਸੇਵਾ ਕਰਨ ਵਾਲੇ ਪਹਿਲੇ ਪ੍ਰਧਾਨ ਮੰਤਰੀ ਬਣ ਗਏ ਹਨ। ਉਹਨਾਂ ਨੇ ਕਿਹਾ ਕਿ 2014 ਤੋਂ ਲੈ ਕੇ ਹੁਣ ਤੱਕ ਲਗਾਤਾਰ ਤਿੰਨ ਵਾਰ ਨਰਿੰਦਰ ਮੋਦੀ ਦੇਸ਼ ਦੇ ਪ੍ਰਧਾਨ ਮੰਤਰੀ ਬਣ ਚੁੱਕੇ ਹਨ। ਉਹਨਾਂ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਸਰਕਾਰ ਦੌਰਾਨ ਦੇਸ਼ ਬੁਲੰਦੀਆਂ ਨੂੰ ਛੂਹ ਰਿਹਾ ਹੈ। ਉਹਨਾਂ ਦੇ ਕਾਰਜ ਕਾਲ ਦੌਰਾਨ ਹੋਏ ਅਨੇਕਾਂ ਹੀ ਕੰਮਾਂ ਅਤੇ ਉਪਲਬਧੀਆਂ ਦੱਸਿਆ ਜਿਵੇਂ ਕਿ ਗਰੀਬ ਲੋਕਾਂ ਨੂੰ ਲਾਭ ਦੇਣ ਦੇ ਲਈ ਜਨ ਧਨ ਯੋਜਨਾ ਚਲਾਈ ਗਈ। ਸਵੱਛ ਭਾਰਤ ਮਿਸ਼ਨ, ਆਯੁਸ਼ਮਾਨ ਭਾਰਤ, ਰੇਲਵੇ ਦਾ ਆਧੁਨਿਕਕਰਨ, ਜਲ ਜੀਵਨ ਮਿਸ਼ਨ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਯੂ.ਪੀ.ਆਈ, ਮੇਕ ਇਨ ਇੰਡੀਆ, ਸਟਾਰਟ ਅਪ ਇੰਡੀਆ, ਮੁਫਤ ਰਾਸ਼ਨ ਸਕੀਮ, ਉਜਵਲ ਯੋਜਨਾ, ਨਵੇਂ ਅਪਰਾਧਿਤ ਕਾਨੂੰਨਾਂ ਵਿੱਚ ਸੁਧਾਰ, ਰੱਖਿਆ ਤੇ ਵਿਦੇਸ਼ ਨੀਤੀ, ਕਿਸਾਨ ਤੇ ਪੇਂਡੂ ਵਿਕਾਸ ਯੋਜਨਾ ਤੋਂ ਇਲਾਵਾ ਬੁਨਿਆਦੀ ਢਾਂਚੇ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।

ਉਹਨਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿੱਚ ਦੇਸ਼ ਲਗਾਤਾਰ ਤਰੱਕੀ ਦੇ ਰਾਹ ਤੇ ਵੱਧ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਲੋਕਪ੍ਰੀਅਤਾ ਆਪਣੇ ਦੇਸ਼ ਤੋਂ ਇਲਾਵਾ ਬਾਹਰਲੇ ਮੁਲਕਾਂ ਵਿੱਚ ਵੀ ਦਿਨੋ ਦਿਨ ਵਧਦੀ ਜਾ ਰਹੀ ਹੈ। 2027 ਵਿੱਚ ਹੋਣ ਜਾ ਰਹੀਆਂ ਚੋਣਾਂ ਵਿੱਚ ਭਾਜਪਾ ਪੰਜਾਬ ਅੰਦਰ ਆਪਣੀ ਸਰਕਾਰ ਬਣਾਵੇਗੀ ਅਤੇ ਪੰਜਾਬ ਦੇ ਰੁਕੇ ਹੋਏ ਵਿਕਾਸ ਨੂੰ ਲੀਹ ਤੇ ਲੈ ਕੇ ਜਾਵੇਗੀ।

# ਸੀਟੀ ਯੂਨੀਵਰਸਿਟੀ ਦੇ ਜ਼ਿੰਬਾਬਵੇ ਦੇ ਵਿਦਿਆਰਥੀ ਨੇ ਸ਼ੁਰੂ ਕੀਤਾ ਕਿਫਾਇਤੀ ਟੈਕਨਾਲੋਜੀ ਉੱਦਮ



**ਲੁਧਿਆਣਾ, 17 ਜੂਨ**
**-ਲਛਮਣ ਜੀਤ ਸਿੰਘ ਪੁਰਬਾ-**

ਸੀਟੀ ਯੂਨੀਵਰਸਿਟੀ ਦੇ ਜ਼ਿੰਬਾਬਵੇ ਤੋਂ ਆਏ ਵਿਦਿਆਰਥੀ ਬ੍ਰਾਈਟ ਕੇ., ਜੋ ਸੋਸ਼ਲ ਵਰਕ ਵਿੱਚ ਆਨਰਜ਼ ਡਿਗਰੀ ਕਰ ਰਹੇ ਹਨ, ਨੇ ਦ ਗੀਡਿੰਗ ਕਲਚਰ ਟੈਕਨਾਲੋਜੀਜ਼ ਨਾਮਕ ਇੱਕ ਨਵਾਂ ਉੱਦਮ ਸ਼ੁਰੂ ਕੀਤਾ ਹੈ। ਇਸ ਉੱਦਮ ਦਾ ਮਕਸਦ ਵਿਦਿਆਰਥੀਆਂ, ਅਧਿਆਪਕਾਂ ਅਤੇ ਪੇਸ਼ੇਵਰਾਂ ਲਈ ਲੈਪਟਾਪ, ਮੈਕਬੁੱਕ, ਕ੍ਰੋਮਬੁੱਕ ਅਤੇ ਹੋਰ ਟੈਕਨਾਲੋਜੀ ਉਪਕਰਣ ਕਿਫਾਇਤੀ ਦਰਾਂ 'ਤੇ ਉਪਲਬਧ ਕਰਵਾਉਣਾ ਹੈ।

ਇਸ ਸੇਵਾ ਤਹਿਤ ਖਰੀਦ, ਕਿਰਾਏ ਅਤੇ ਰੈਂਟ-ਟੂ-ਓਨ ਮਾਡਲ ਰਾਹੀਂ ਡਿਜੀਟਲ ਉਪਕਰਣ ਉਪਲਬਧ ਕਰਵਾਏ ਜਾਣਗੇ, ਤਾਂ ਜੋ ਆਰਥਿਕ ਪਾਬੰਦੀਆਂ ਸਿੱਖਿਆ ਅਤੇ ਕਰੀਅਰ ਵਿਕਾਸ ਵਿੱਚ ਰੁਕਾਵਟ ਨਾ ਬਣਨ।

ਉੱਦਮ ਦੇ ਉਦਘਾਟਨ ਮੌਕੇ ਸੀਟੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਨਿਤਿਨ ਟੰਡਨ ਅਤੇ ਡਾਇਰੈਕਟਰ ਸਟੂਡੈਂਟ ਵੈਲਫੇਅਰ ਇਰ. ਦਵਿੰਦਰ ਸਿੰਘ ਨੇ ਬ੍ਰਾਈਟ ਦੀ ਇਸ ਪਹਿਲ ਦੀ ਸ਼ਲਾਘਾ ਕੀਤੀ। ਯੂਨੀਵਰਸਿਟੀ ਦੇ ਚਾਂਸਲਰ ਸਰਦਾਰ ਚਰਨਜੀਤ ਸਿੰਘ ਚੰਨੀ ਅਤੇ ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਵੀ ਇਸ ਉੱਦਮ ਨੂੰ ਵਿਦਿਆਰਥੀ ਉਦਯਮਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਸ਼ਾਨਦਾਰ ਮਿਸਾਲ ਦੱਸਿਆ। ਬ੍ਰਾਈਟ ਕੇ. ਨੇ ਕਿਹਾ ਕਿ ਟੈਕਨਾਲੋਜੀ ਤੱਕ ਪਹੁੰਚ ਹਰ ਕਿਸੇ ਲਈ ਮੌਕਾ ਹੋਣਾ ਚਾਹੀਦਾ ਹੈ, ਨਾ ਕਿ ਸਿਰਫ਼ ਇੱਕ ਵਿਸ਼ੇਸ਼ ਅਧਿਕਾਰ। ਉਨ੍ਹਾਂ ਦਾ ਉੱਦਮ ਇਸੇ ਸੋਚ ਨੂੰ ਅੱਗੇ ਵਧਾਉਣ ਲਈ ਸਮਰਪਿਤ ਹੈ।

SEA DESIGN COMPANY
Customized and Designer
- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala



# ਮਾਰਾ ਹਰਿਆਣਾ



## ਸੂਬੇ ਦੇ ਇੰਜੀਨੀਅਰਿੰਗ ਅਤੇ ਪੌਲੀਟੈਕਨਿਕ ਸੰਸਥਾਵਾਂ ਵਿੱਚ ਤਕਨੀਕੀ ਸਿੱਖਿਆ ਨੂੰ ਕੀਤਾ ਜਾ ਰਿਹਾ ਹੈ ਅਪਗ੍ਰੇਡ : ਮਹੀਪਾਲ ਢਾਂਡਾ

**ਚੰਡੀਗੜ੍ਹ, 17 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਸਿੱਖਿਆ ਮੰਤਰੀ ਸ੍ਰੀ ਮਹੀਪਾਲ ਢਾਂਡਾ ਨੇ ਕਿਹਾ ਕਿ ਸੂਬਾ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰਨ ਅਤੇ ਤਕਨੀਕੀ ਸਿੱਖਿਆ ਨੂੰ ਸਮੇਂ ਦੇ ਅਨੁਕੂਲ ਆਧੁਨਿਕ ਬਣਾਉਣ ਲਈ ਪੂਰੀ ਤਤਪਰਤਾ ਨਾਲ ਕੰਮ ਕਰ ਰਹੀ ਹੈ। ਸਰਕਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਪ੍ਰੈਕਟੀਕਲ ਅਤੇ ਉੱਚ ਪੱਧਰੀ ਤਕਨੀਕੀ ਗਿਆਨ ਦੇਣਾ ਹੈ, ਤਾਂ ਜੋ ਉਹ ਗਲੋਬਲ ਪੱਧਰ 'ਤੇ ਮੁਕਾਬਲਾ ਕਰ ਸਕਣ। ਇਸੇ ਦਿਸ਼ਾ ਵਿੱਚ ਕਦਮ ਵਧਾਉਂਦੇ ਹੋਏ ਸੂਬੇ ਦੇ ਇੰਜੀਨੀਅਰਿੰਗ ਅਤੇ ਬਹੁ-ਤਕਨੀਕੀ ਸੰਸਥਾਵਾਂ ਲਈ ਉੱਚ ਵਿਸ਼ੇਸ਼ਤਾਵਾਂ ਵਾਲੇ 2512 ਨਵੇਂ ਕੰਪਿਊਟਰ ਸਿਸਟਮਾਂ ਦੀ ਖਰੀਦ ਕੀਤੀ ਗਈ ਹੈ।

ਸ੍ਰੀ ਮਹੀਪਾਲ ਢਾਂਡਾ ਅੱਜ ਹਰਿਆਣਾ ਸਿਵਲ ਸਕੱਤਰੇਤ ਵਿੱਚ ਤਕਨੀਕੀ ਸਿੱਖਿਆ ਵਿਭਾਗ ਦੇ ਉੱਚ ਅਧਿਕਾਰੀਆਂ ਦੀ ਇੱਕ ਅਹਿਮ ਸਮੀਖਿਆ ਮੀਟਿੰਗ ਦੀ ਅਗਵਾਈ ਕਰ ਰਹੇ ਸਨ। ਮੀਟਿੰਗ ਵਿੱਚ ਵਿਭਾਗ ਦੇ ਵੱਖ-ਵੱਖ ਪ੍ਰੋਜੈਕਟਾਂ ਅਤੇ ਆਗਾਮੀ ਯੋਜਨਾਵਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਗਈ।

**ਸੰਸਥਾਵਾਂ ਵਿੱਚ ਕੰਪਿਊਟਰਾਂ ਦੀ ਕੀਤੀ ਜਾ ਰਹੀ ਹੈ ਵੰਡ**

ਸਿੱਖਿਆ ਮੰਤਰੀ ਨੇ ਦੱਸਿਆ ਕਿ ਖਰੀਦੇ ਗਏ ਕੰਪਿਊਟਰਾਂ ਵਿੱਚੋਂ ਸੂਬੇ ਦੀਆਂ 5 ਇੰਜੀਨੀਅਰਿੰਗ ਅਤੇ ਉਦਯੋਗਿਕ ਸੰਸਥਾਵਾਂ ਵਿੱਚ 730 ਕੰਪਿਊਟਰ ਸਿਸਟਮ ਅਤੇ 36 ਸਰਕਾਰੀ ਬਹੁ-ਤਕਨੀਕੀ ਤੇ ਬਹੁ-ਤਕਨੀਕੀ ਸਿੱਖਿਆ ਕਮੇਟੀਆਂ ਵਿੱਚ ਲੋੜੀਂਦੇ ਕੰਪਿਊਟਰ ਪ੍ਰਦਾਨ ਕੀਤੇ ਜਾ ਚੁੱਕੇ ਹਨ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਬਾਕੀ ਬਚੇ 281 ਕੰਪਿਊਟਰ ਸਿਸਟਮ ਵੀ ਜਲਦੀ ਤੋਂ ਜਲਦੀ ਸਬੰਧਤ ਸੰਸਥਾਵਾਂ ਵਿੱਚ ਉਪਲਬਧ ਕਰਵਾ ਦਿੱਤੇ ਜਾਣ, ਤਾਂ ਜੋ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਪ੍ਰੈਕਟੀਕਲ ਟ੍ਰੇਨਿੰਗ ਵਿੱਚ ਕੋਈ ਰੁਕਾਵਟ ਨਾ ਆਵੇ।

**ਇੰਫਰਾਸਟ੍ਰਕਚਰ ਨੂੰ ਮਜ਼ਬੂਤ ਕਰਨ 'ਤੇ ਹੈ ਜ਼ੋਰ**

ਤਕਨੀਕੀ ਸਿੱਖਿਆ ਦੇ ਪੱਧਰ ਨੂੰ ਸੁਧਾਰਨ ਲਈ ਬੁਨਿਆਦੀ ਢਾਂਚੇ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਹੀ ਹੈ। ਸਿੱਖਿਆ ਮੰਤਰੀ ਨੇ ਦੱਸਿਆ ਕਿ ਕੰਪਿਊਟਰਾਂ ਤੋਂ ਇਲਾਵਾ ਸੂਬੇ ਦੀਆਂ 9 ਸਰਕਾਰੀ ਬਹੁ-ਤਕਨੀਕੀ ਸੰਸਥਾਵਾਂ ਵਿੱਚ ਸਿਵਲ ਇੰਜੀਨੀਅਰਿੰਗ ਨਾਲ ਸਬੰਧਤ 51 ਆਧੁਨਿਕ ਮਸ਼ੀਨਾਂ ਅਤੇ ਉਪਕਰਨ ਵੀ ਉਪਲਬਧ ਕਰਵਾਏ ਜਾ ਚੁੱਕੇ ਹਨ। ਇਨ੍ਹਾਂ ਨਵੇਂ ਉਪਕਰਨਾਂ ਦੀ ਮਦਦ ਨਾਲ ਵਿਦਿਆਰਥੀ ਨਵੇਂ ਜ਼ਮਾਨੇ ਦੀਆਂ ਤਕਨੀਕਾਂ ਨੂੰ ਲਾਈਵ ਸਿੱਖ ਸਕਣਗੇ, ਜਿਸ ਨਾਲ ਇੰਡਸਟਰੀ ਵਿੱਚ ਉਨ੍ਹਾਂ ਦੀ ਮੰਗ ਅਤੇ ਸਵੀਕਾਰਤਾ ਵਧੇਗੀ।

**ਰੁਜ਼ਗਾਰ ਲਈ ਨੌਜਵਾਨਾਂ ਨੂੰ ਸਮਰੱਥ ਬਣਾਉਣ ਦਾ ਹੈ ਟੀਚਾ**

ਸਿੱਖਿਆ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਆਧੁਨਿਕ ਦੌਰ ਵਿੱਚ ਸਿਰਫ ਥਿਊਰੀ ਦੇ ਭਰੋਸੇ ਨੌਜਵਾਨਾਂ ਨੂੰ ਰੁਜ਼ਗਾਰ ਨਹੀਂ ਦਿੱਤਾ ਜਾ ਸਕਦਾ। ਸਾਨੂੰ ਸੰਸਥਾਵਾਂ ਦੀਆਂ ਲੈਬਾਂ ਨੂੰ ਪੂਰੀ ਤਰ੍ਹਾਂ ਅਪਗ੍ਰੇਡ ਕਰਨਾ ਹੋਵੇਗਾ। ਸਰਕਾਰ ਦਾ ਟੀਚਾ ਹਰ ਹੱਥ ਨੂੰ ਕੰਮ ਅਤੇ ਹਰ ਨੌਜਵਾਨ ਨੂੰ ਉਸਦੀ ਯੋਗਤਾ ਅਨੁਸਾਰ ਰੁਜ਼ਗਾਰ ਦੇਣਾ ਹੈ। ਉਨ੍ਹਾਂ ਕਿਹਾ ਕਿ ਤਕਨੀਕੀ ਸਿੱਖਿਆ ਸੰਸਥਾਵਾਂ ਨੂੰ ਆਧੁਨਿਕ ਸਰੋਤਾਂ ਨਾਲ ਲੈਸ ਕਰਨ ਦੀ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ ਤਾਂ ਜੋ ਹਰਿਆਣਾ ਦੇ ਨੌਜਵਾਨ ਆਤਮ-ਨਿਰਭਰ ਬਣ ਸਕਣ।

ਮੀਟਿੰਗ ਵਿੱਚ ਉੱਚੇਰੀ ਸਿੱਖਿਆ ਦੇ ਵਧੀਕ ਮੁੱਖ ਸਕੱਤਰ ਸ੍ਰੀ ਏ.ਕੇ. ਸਿੰਘ, ਬਹੁ-ਤਕਨੀਕੀ ਸਿੱਖਿਆ ਦੇ ਡਾਇਰੈਕਟਰ ਜਨਰਲ ਸ੍ਰੀ ਪ੍ਰਭਜੋਤ ਸਿੰਘ ਅਤੇ ਹੋਰ ਅਧਿਕਾਰੀ ਮੌਜੂਦ ਸਨ।

## ਰਾਸ਼ਟਰੀ ਰਾਜਧਾਨੀ ਖੇਤਰ ਦੇ ਵਿਕਾਸ ਨੂੰ ਲੈ ਕੇ ਰੀਜਨਲ ਪਲਾਨ 2041 ਹੋਵੇਗਾ ਤਿਆਰ

## ਐਨ.ਸੀ.ਆਰ. ਦੇ ਏਰੀਆ ਵਿੱਚ ਨਹੀਂ ਹੋਵੇਗਾ ਕੋਈ ਬਦਲਾਅ: ਨਾਇਬ ਸਿੰਘ ਸੈਣੀ, ਮੁੱਖ ਮੰਤਰੀ, ਹਰਿਆਣਾ

**ਚੰਡੀਗੜ੍ਹ, 17 ਜੂਨ**
**-ਸ਼.ਅ.ਬਿਓਰੋ-**

ਕੇਂਦਰੀ ਆਵਾਸ ਅਤੇ ਸ਼ਹਿਰੀ ਮਾਮਲੇ ਮੰਤਰੀ ਸ੍ਰੀ ਮਨੋਹਰ ਲਾਲ ਦੀ ਅਗਵਾਈ ਹੇਠ ਮੰਗਲਵਾਰ ਨੂੰ ਨਵੀਂ ਦਿੱਲੀ ਸਥਿਤ ਵਿਗਿਆਨ ਭਵਨ ਵਿੱਚ ਰਾਸ਼ਟਰੀ ਰਾਜਧਾਨੀ ਖੇਤਰ ਯੋਜਨਾ ਬੋਰਡ ਦੀ 42ਵੀਂ ਮੀਟਿੰਗ ਹੋਈ। ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ, ਦਿੱਲੀ ਦੀ ਮੁੱਖ ਮੰਤਰੀ ਸ੍ਰੀਮਤੀ ਰੇਖਾ ਗੁਪਤਾ, ਉੱਤਰ ਪ੍ਰਦੇਸ਼ ਦੇ ਕੈਬਨਿਟ ਮੰਤਰੀ ਏ.ਕੇ. ਸ਼ਰਮਾ ਅਤੇ ਰਾਜਸਥਾਨ ਦੇ ਸ਼ਹਿਰੀ ਸਥਾਨਕ ਨਿਕਾਏ ਮੰਤਰੀ ਸ੍ਰੀ ਝਾਬਰ ਸਿੰਘ ਖੱਰਾ ਇਸ ਮੀਟਿੰਗ ਵਿੱਚ ਸ਼ਾਮਲ ਹੋਏ।

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮੀਟਿੰਗ ਵਿੱਚ ਰਾਸ਼ਟਰੀ ਰਾਜਧਾਨੀ ਖੇਤਰ ਦੇ ਵਿਕਾਸ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ 'ਤੇ ਵਿਸਤਾਰ ਚਰਚਾ ਹੋਈ। ਅੱਜ ਮੀਟਿੰਗ ਵਿੱਚ ਤੈਅ ਕੀਤਾ ਗਿਆ ਕਿ ਰਾਸ਼ਟਰੀ ਰਾਜਧਾਨੀ ਖੇਤਰ ਦੇ ਖੇਤਰੀ ਦਾਇਰੇ ਵਿੱਚ ਕੋਈ ਬਦਲਾਅ ਨਹੀਂ ਕੀਤਾ ਜਾਵੇਗਾ ਅਤੇ ਮੌਜੂਦਾ ਸੀਮਾ ਬਰਕਰਾਰ ਰਹੇਗੀ। ਮੁੱਖ ਮੰਤਰੀ ਨੇ ਦੱਸਿਆ ਕਿ ਮੀਟਿੰਗ ਵਿੱਚ ਰਾਸ਼ਟਰੀ ਰਾਜਧਾਨੀ ਖੇਤਰ ਦੇ ਰੀਜਨਲ ਪਲਾਨ-2041 'ਤੇ ਚਰਚਾ ਹੋਈ। ਇਸ ਵਿੱਚ ਐਨ.ਸੀ.ਆਰ. ਦੇ ਭਵਿੱਖ ਦੇ ਵਿਕਾਸ, ਸ਼ਹਿਰੀ ਨਿਯੋਜਨ (ਪਲਾਨਿੰਗ), ਵਾਤਾਵਰਣ ਸੁਰੱਖਿਆ, ਇੰਫਰਾਸਟ੍ਰਕਚਰ ਵਿਕਾਸ ਅਤੇ ਸਸਟੇਨੇਬਲ ਗ੍ਰੋਥ ਨਾਲ ਸਬੰਧਤ ਵੱਖ-ਵੱਖ ਪਹਿਲੂਆਂ 'ਤੇ ਡੂੰਘੀ ਚਰਚਾ ਕੀਤੀ ਗਈ। ਰੀਜਨਲ ਪਲਾਨ-2041 ਨੂੰ ਅੰਤਿਮ ਰੂਪ ਦੇਣ ਲਈ ਕੇਂਦਰ ਸਰਕਾਰ ਅਤੇ ਸਬੰਧਤ ਰਾਜ ਸਰਕਾਰਾਂ (ਹਰਿਆਣਾ, ਉੱਤਰ ਪ੍ਰਦੇਸ਼, ਰਾਜਸਥਾਨ ਅਤੇ ਦਿੱਲੀ) ਦੇ ਸੀਨੀਅਰ ਅਧਿਕਾਰੀਆਂ ਦੀ ਇੱਕ ਸਬ-ਕਮੇਟੀ ਗਠਿਤ ਕੀਤੀ ਗਈ ਹੈ। ਇਹ ਸਬ-ਕਮੇਟੀ 15 ਅਗਸਤ, 2026 ਤੱਕ ਆਪਣੀ ਅੰਤਿਮ ਰਿਪੋਰਟ ਬੋਰਡ ਨੂੰ ਸੌਂਪੇਗੀ। ਮੁੱਖ ਮੰਤਰੀ ਨੇ ਦੱਸਿਆ ਕਿ ਰਾਸ਼ਟਰੀ ਰਾਜਧਾਨੀ ਯੋਜਨਾ ਬੋਰਡ ਦੀ ਅਗਲੀ ਮੀਟਿੰਗ ਦਸੰਬਰ 2026 ਵਿੱਚ ਗੁਰੂਗ੍ਰਾਮ (ਹਰਿਆਣਾ) ਵਿੱਚ ਆਯੋਜਿਤ ਕੀਤੀ ਜਾਵੇਗੀ। ਅੱਜ ਦੀ ਮੀਟਿਗ ਵਿੱਚ ਆਰ.ਆਰ.ਟੀ.ਐਸ. (ਰੈਪਿਡ ਰੇਲ ਟ੍ਰਾਂਜ਼ਿਟ ਸਿਸਟਮ) ਦੇ ਨਾਲ-ਨਾਲ ਚਾਰ ਨਵੇਂ ਗ੍ਰੀਨਫੀਲਡ ਸ਼ਹਿਰ ਵਿਕਸਿਤ ਕਰਨ ਦਾ ਮਹੱਤਵਪੂਰਨ ਫ਼ੈਸਲਾ ਲਿਆ ਗਿਆ। ਬੋਰਡ ਦੇ ਸਾਰੇ ਮੈਂਬਰ ਰਾਜ ਇੱਕ-ਇੱਕ ਨਵੇਂ ਗ੍ਰੀਨ ਫੀਲਡ ਸ਼ਹਿਰ ਦੀ ਵਿਕਾਸ ਯੋਜਨਾ ਭੇਜਣਗੇ। 'ਨਮੋ ਸਿਟੀ' ਦੇ ਨਾਮ ਨਾਲ ਵਿਕਸਿਤ ਹੋਣ ਵਾਲੇ ਇਹ ਸ਼ਹਿਰ ਆਧੁਨਿਕ, ਵਾਤਾਵਰਣ-ਅਨੁਕੂਲ ਅਤੇ ਆਤਮ-ਨਿਰਭਰ ਸ਼ਹਿਰੀ ਕੇਂਦਰਾਂ ਵਜੋਂ ਵਿਕਸਿਤ ਕੀਤੇ ਜਾਣਗੇ।



ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਰਾਸ਼ਟਰੀ ਰਾਜਧਾਨੀ ਯੋਜਨਾ ਬੋਰਡ ਦੇ ਇਨ੍ਹਾਂ ਫ਼ੈਸਲਿਆਂ ਨਾਲ ਦਿੱਲੀ-ਐਨ.ਸੀ.ਆਰ. ਖੇਤਰ ਦਾ ਸੰਤੁਲਿਤ ਅਤੇ ਮਜ਼ਬੂਤ ਵਿਕਾਸ ਯਕੀਨੀ ਹੋਵੇਗਾ। ਹਰਿਆਣਾ ਸਰਕਾਰ ਐਨ.ਸੀ.ਆਰ. ਦੇ ਵਿਕਾਸ ਨੂੰ ਸਰਵਉੱਚ ਤਰਜੀਹ ਦੇ ਰਹੀ ਹੈ ਅਤੇ ਗ੍ਰੀਨਫੀਲਡ ਸ਼ਹਿਰਾਂ ਤੇ ਆਰ.ਆਰ.ਟੀ.ਐਸ. ਪ੍ਰੋਜੈਕਟਾਂ ਨੂੰ ਤੇਜ਼ੀ ਨਾਲ ਅੱਗੇ ਵਧਾਏਗੀ।

ਇਸ ਮੌਕੇ ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਰਾਜੇਸ਼ ਖੁੱਲਰ, ਹਰਿਆਣਾ ਦੇ ਮੁੱਖ ਸਕੱਤਰ ਅਨੁਰਾਗ ਰਸਤੋਗੀ, ਭਾਰਤ ਸਰਕਾਰ ਦੇ ਆਵਾਸ ਅਤੇ ਸ਼ਹਿਰੀ ਮਾਮਲੇ ਮੰਤਰਾਲੇ ਦੇ ਸਕੱਤਰ ਸ਼੍ਰੀਨਿਵਾਸ ਕਾਤਿਕੀਥਾਲਾ, ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰਾਲੇ ਦੇ ਸਕੱਤਰ ਵੀ. ਉਮਾਸ਼ੰਕਰ ਸਮੇਤ ਐਨ.ਸੀ.ਆਰ. ਖੇਤਰ ਨਾਲ ਸਬੰਧਤ ਰਾਜਾਂ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

## ਆਧੁਨਿਕ ਤਕਨੀਕ ਦੀਆਂ 52 ਸਟੈਟਿਕਲ ਖੇਤੀਬਾੜੀ ਲੈਬਾਂ ਖੋਲ੍ਹਣ ਦੀ ਪ੍ਰਵਾਨਗੀ : ਮੁੱਖ ਮੰਤਰੀ

**ਚੰਡੀਗੜ੍ਹ, 17 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹੋਈ ਹਾਈ ਪਾਵਰਡ ਪਰਚੇਜ਼ ਕਮੇਟੀ ਦੀ ਮੀਟਿੰਗ ਵਿੱਚ ਰਾਜ ਵਿੱਚ ਕਿਸਾਨਾਂ ਦੀ ਖੇਤੀਯੋਗ ਭੂਮੀ ਵਿੱਚ ਨਾਈਟ੍ਰੋਜਨ ਦੀ ਜਾਂਚ ਕਰਨ ਲਈ 28 ਲੱਖ ਰੁਪਏ ਦੀ ਲਾਗਤ ਨਾਲ ਆਧੁਨਿਕ ਤਕਨੀਕ ਦੀਆਂ 52 ਸਟੈਟਿਕਲ ਖੇਤੀਬਾੜੀ ਲੈਬਾਂ ਖੋਲ੍ਹਣ ਦੀ ਪ੍ਰਵਾਨਗੀ ਦਿੱਤੀ ਗਈ।

ਇਸ ਤੋਂ ਇਲਾਵਾ ਮਾਲ ਵਿਭਾਗ, ਖੇਤੀਬਾੜੀ ਅਤੇ ਕਿਸਾਨ ਭਲਾਈ, ਕ੍ਰਿਡ, ਸਕਿੱਲ ਡਿਵੈਲਪਮੈਂਟ, ਗੁਰੂਗ੍ਰਾਮ ਮੈਟਰੋਪੋਲੀਟਨ ਡਿਵੈਲਪਮੈਂਟ ਅਥਾਰਟੀ, ਪੰਚਕੂਲਾ ਮੈਟਰੋਪੋਲੀਟਨ ਡਿਵੈਲਪਮੈਂਟ ਅਥਾਰਟੀ, ਐਚ.ਐਸ.ਵੀ.ਪੀ, ਬਿਜਲੀ ਨਿਗਮ, ਲੋਕ ਨਿਰਮਾਣ ਵਿਭਾਗ, ਜਨ ਸਿਹਤ, ਸਿੰਚਾਈ ਅਤੇ ਹਰਿਆਣਾ ਰਾਜ ਇੰਡਸਟ੍ਰੀਅਲ ਇਨਫਰਾਸਟ੍ਰਕਚਰ ਡਿਵੈਲਪਮੈਂਟ ਕਾਰਪੋਰੇਸ਼ਨ ਸਮੇਤ ਕਈ ਵਿਭਾਗਾਂ ਦੇ ਲਗਭਗ 1468.25 ਕਰੋੜ ਰੁਪਏ ਦੇ 32 ਕਾਰਜਾਂ ਨੂੰ ਵੀ ਪ੍ਰਵਾਨਗੀ ਦਿੱਤੀ ਗਈ।

ਮੀਟਿੰਗ ਵਿੱਚ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ, ਸਕੂਲ ਸਿੱਖਿਆ ਮੰਤਰੀ ਮਹੀਪਾਲ ਢਾਂਡਾ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ, ਜਨ ਸਿਹਤ ਇੰਜੀਨੀਅਰਿੰਗ ਮੰਤਰੀ ਰਣਬੀਰ ਗੰਗਵਾ, ਸਿੰਚਾਈ ਮੰਤਰੀ ਸ਼ਰੁਤੀ ਚੌਧਰੀ, ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਰਾਜੇਸ਼ ਖੁੱਲਰ, ਪ੍ਰਧਾਨ ਸਕੱਤਰ ਅਰੁਣ ਗੁਪਤਾ ਸਮੇਤ ਕਈ ਸੀਨੀਅਰ ਅਧਿਕਾਰੀ ਮੌਜੂਦ ਸਨ।

## ਅਵੈਧ ਲਿੰਗ ਜਾਂਚ ਨੈਟਵਰਕ ਨੂੰ ਤਬਾਹ ਕਰਨ ਲਈ ਹਰਿਆਣਾ ਲਵੇਗਾ ਉੱਤਰ ਪ੍ਰਦੇਸ਼ ਦਾ ਸਹਿਯੋਗ

**ਚੰਡੀਗੜ੍ਹ, 17 ਜੂਨ**
**-ਸ਼.ਅ.ਬਿਓਰੋ-**

ਹਰਿਆਣਾ ਸਰਕਾਰ ਨੇ ਅਵੈਧ ਲਿੰਗ ਜਾਂਚ ਦੇ ਵਿਰੁਧ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਵਧੇਰੇ ਪ੍ਰਭਾਵਸ਼ਾਲੀ ਬਣਾਉਣ ਦੀ ਦਿਸ਼ਾ ਵਿੱਚ ਅੰਤਰਰਾਜੀ ਸਹਿਯੋਗ ਨੂੰ ਮਜ਼ਬੂਤ ਕਰਨ ਦੀ ਪਹਿਲ ਕੀਤੀ ਹੈ। ਇਸ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕਦੇ ਹੋਏ ਹਰਿਆਣਾ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਪੀਸੀ-ਪੀਐਨਡੀਟੀ ਐਕਟ ਦੇ ਤਹਿਤ ਉੱਤਰ ਪ੍ਰਦੇਸ਼ ਦੇ ਨਾਲ ਸਹਿਯੋਗ ਦੀ ਪਹਿਲ ਕੀਤੀ ਹੈ।

ਉੱਤਰ ਪ੍ਰਦੇਸ਼ ਦੇ ਵਧੀਕ ਮੁੱਖ ਸਕੱਤਰ (ਮੈਡੀਕਲ ਸਿਹਤ ਅਤੇ ਪਰਿਵਾਰ ਭਲਾਈ) ਸ੍ਰੀ ਅਮਿਤ ਕੁਮਾਰ ਘੋਸ਼ ਨੂੰ ਲਿਖੇ ਪੱਤਰ ਵਿੱਚ ਡਾ. ਮਿਸ਼ਰਾ ਨੇ ਜਨਮ ਸਮੇਂ ਲਿੰਗ ਅਨੁਪਾਤ ਵਿੱਚ ਸੁਧਾਰ ਅਤੇ 'ਬੇਟੀ ਬਚਾਓ, ਬੇਟੀ ਪੜ੍ਹਾਓ' ਮੁਹਿੰਮ ਦੇ ਉਦੇਸ਼ਾਂ ਨੂੰ ਅੱਗੇ ਵਧਾਉਣ ਪ੍ਰਤੀ ਦੋਵਾਂ ਰਾਜਾਂ ਦੀ ਸਾਂਝੀ ਵਚਨਬੱਧਤਾ ਨੂੰ ਰੇਖਾਂਕਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਕੁੜੀ ਦੇ ਅਧਿਕਾਰਾਂ ਅਤੇ ਗਰਿਮਾ ਲਈ ਖ਼ਤਰਾ ਪੈਦਾ ਕਰਨ ਵਾਲੀਆਂ ਅਵੈਧ ਗਤੀਵਿਧੀਆਂ ਨੂੰ ਖ਼ਤਮ ਕਰਨ ਲਈ ਤਾਲਮੇਲ ਵਾਲੀ ਇਨਫੋਰਸਮੈਂਟ ਕਾਰਵਾਈ ਅਤੇ ਪ੍ਰਸ਼ਾਸਨਿਕ ਸਹਿਯੋਗ ਬਹੁਤ ਜ਼ਰੂਰੀ ਹੈ।

ਹਰਿਆਣਾ ਦੀ ਨਿਰੰਤਰ ਅਤੇ ਸਰਗਰਮ ਇਨਫੋਰਸਮੈਂਟ ਰਣਨੀਤੀ ਦਾ ਜ਼ਿਕਰ ਕਰਦਿਆਂ ਡਾ. ਮਿਸ਼ਰਾ ਨੇ ਦੱਸਿਆ ਕਿ ਰਾਜ ਦੀਆਂ ਪੀਸੀਪੀਐਨਡੀਟੀ ਟੀਮਾਂ ਅਵੈਧ ਲਿੰਗ ਜਾਂਚ ਵਿੱਚ ਸ਼ਾਮਲ ਅਨਸਰਾਂ ਖ਼ਿਲਾਫ਼ ਲਗਾਤਾਰ ਨਕਲੀ ਗਾਹਕ ਆਪ੍ਰੇਸ਼ਨ ਅਤੇ ਛਾਪੇਮਾਰੀ ਕਰ ਰਹੀਆਂ ਹਨ। ਜਨਵਰੀ 2024 ਤੋਂ ਮਾਰਚ 2026 ਦੇ ਵਿਚਕਾਰ ਹਰਿਆਣਾ ਨੇ ਕੁੱਲ 84 ਛਾਪੇਮਾਰੀ ਮੁਹਿੰਮਾਂ ਚਲਾਈਆਂ, ਜਿਨ੍ਹਾਂ ਵਿੱਚੋਂ 37 ਮੁਹਿੰਮਾਂ ਉੱਤਰ ਪ੍ਰਦੇਸ਼ ਵਿੱਚ ਚਲਾਈਆਂ ਗਈਆਂ। ਇਹ ਰਾਜ ਦੀਆਂ ਸਰਹੱਦਾਂ ਤੋਂ ਬਾਹਰ ਜਾ ਕੇ ਵੀ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕਰਨ ਦੀ ਹਰਿਆਣਾ ਦੀ ਦ੍ਰਿੜ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਨੇ ਉੱਤਰ ਪ੍ਰਦੇਸ਼ ਦੇ ਕਈ ਜ਼ਿਲ੍ਹਿਆਂ ਦੇ ਪ੍ਰਸ਼ਾਸਨ ਵੱਲੋਂ ਦਿੱਤੇ ਗਏ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ, ਪੁਲਿਸ ਅਤੇ ਸਿਹਤ ਵਿਭਾਗਾਂ ਵਿਚਕਾਰ ਸੰਸਥਾਗਤ ਪੱਧਰ 'ਤੇ ਬਿਹਤਰ ਤਾਲਮੇਲ ਨਾਲ ਇਨਫੋਰਸਮੈਂਟ ਕਾਰਵਾਈਆਂ ਦੀ ਪ੍ਰਭਾਵਸ਼ੀਲਤਾ ਨੂੰ ਹੋਰ ਵਧਾਇਆ ਜਾ ਸਕਦਾ ਹੈ। ਉਨ੍ਹਾਂ ਅਨੁਸਾਰ, ਸਫ਼ਲ ਛਾਪੇਮਾਰੀ, ਐਫ.ਆਈ.ਆਰ. ਦਰਜ ਕਰਵਾਉਣ, ਮੁਲਜ਼ਮਾਂ ਖ਼ਿਲਾਫ਼ ਕੇਸ ਚਲਾਉਣ ਅਤੇ ਦੋਸ਼ੀ ਕਰਾਰ ਦਿਵਾਉਣਾ ਯਕੀਨੀ ਬਣਾਉਣ ਲਈ ਇਸ ਤਰ੍ਹਾਂ ਦਾ ਸਹਿਯੋਗ ਬਹੁਤ ਮਹੱਤਵਪੂਰਨ ਹੈ।

## ਖ਼ਰੀਫ਼ ਫ਼ਸਲਾਂ ਲਈ ਰਸਾਇਣਕ ਖਾਦਾਂ ਦੀ ਸਹੀ ਵੰਡ ਕਰੋ ਤਾਂ ਜੋ ਕਿਸਾਨਾਂ ਲਈ ਖਾਦ ਦੀ ਕਮੀ ਨਾ ਰਹੇ : ਸ਼ਿਆਮ ਸਿੰਘ ਰਾਣਾ

**ਚੰਡੀਗੜ੍ਹ, 17 ਜੂਨ**
**-ਸ਼.ਅ.ਬਿਓਰੋ-**

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਨੇ ਸਾਰੇ ਖੇਤੀਬਾੜੀ ਵਿਕਾਸ ਅਧਿਕਾਰੀਆਂ ਨੂੰ ਆਪਣੇ-ਆਪਣੇ ਅਧੀਨ ਖੇਤਰਾਂ ਵਿੱਚ ਖ਼ਰੀਫ਼ ਫ਼ਸਲਾਂ ਲਈ ਰਸਾਇਣਕ ਖਾਦਾਂ ਦੀ ਸਹੀ ਵੰਡ ਯਕੀਨੀ ਬਣਾਉਣ ਦੇ ਸਖ਼ਤ ਨਿਰਦੇਸ਼ ਦਿੱਤੇ ਹਨ, ਤਾਂ ਜੋ ਰਾਜ ਦੇ ਕਿਸਾਨਾਂ ਨੂੰ ਖਾਦ ਦੀ ਕਿਸੇ ਵੀ ਤਰ੍ਹਾਂ ਦੀ ਕਿੱਲਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ 60 ਫ਼ੀਸਦੀ ਖਾਦ ਹੈਫੇਡ ਰਾਹੀਂ ਪੈਕਸ ਨੂੰ ਭੇਜੀ ਜਾਵੇਗੀ, ਇਸ ਵਿੱਚ ਕੋਤਾਹੀ ਵਰਤਣ ਵਾਲੇ ਅਧਿਕਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਚੇਤਾਵਨੀ ਦਿੱਤੀ ਕਿ ਖਾਦ ਦੀ ਜਮ੍ਹਾਖੋਰੀ ਅਤੇ ਕਾਲਾਬਾਜ਼ਾਰੀ ਕਰਨ ਵਾਲਿਆਂ ਖ਼ਿਲਾਫ਼ ਪ੍ਰਸ਼ਾਸਨ ਵੱਲੋਂ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।



ਸ੍ਰੀ ਰਾਣਾ ਅੱਜ ਚੰਡੀਗੜ੍ਹ ਵਿੱਚ ਵੀਡੀਓ ਕਾਨਫਰੰਸਿੰਗ ਰਾਹੀਂ ਰਾਜ ਦੇ ਸਾਰੇ ਜ਼ਿਲ੍ਹਿਆਂ ਦੇ ਖੇਤੀਬਾੜੀ ਅਧਿਕਾਰੀਆਂ ਨਾਲ ਖ਼ਰੀਫ਼ ਫ਼ਸਲ ਲਈ ਖਾਦ ਵੰਡ, 'ਖੇਤ ਬਚਾਓ' ਮੁਹਿੰਮ ਅਤੇ ਕੁਦਰਤੀ ਖੇਤੀ ਨਾਲ ਜੁੜੇ ਅਹਿਮ ਮੁੱਦਿਆਂ 'ਤੇ ਸੰਵਾਦ ਕਰ ਰਹੇ ਸਨ।

ਇਸ ਉੱਚ ਪੱਧਰੀ ਮੀਟਿੰਗ ਵਿੱਚ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਵਿਜੇਂਦਰ ਕੁਮਾਰ ਅਤੇ ਡਾਇਰੈਕਟਰ ਜਨਰਲ ਸ੍ਰੀ ਰਾਜਨਾਰਾਇਣ ਕੌਸ਼ਿਕ ਸਮੇਤ ਕਈ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

ਮੀਟਿੰਗ ਦੌਰਾਨ ਖੇਤੀਬਾੜੀ ਮੰਤਰੀ ਨੇ ਜ਼ਿਲ੍ਹੇਵਾਰ ਯੂਰੀਆ, ਡੀ.ਏ.ਪੀ. ਅਤੇ ਹੋਰ ਰਸਾਇਣਕ ਖਾਦਾਂ ਦੀ ਉਪਲਬਧਤਾ ਦੀ ਡੂੰਘੀ ਸਮੀਖਿਆ ਕੀਤੀ।

ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਉਹ ਆਪਣੇ-ਆਪਣੇ ਖੇਤਰਾਂ ਵਿੱਚ ਸਰਗਰਮ ਪ੍ਰਾਈਵੇਟ ਡੀਲਰਾਂ 'ਤੇ ਤਿੱਖੀ ਨਜ਼ਰ ਰੱਖਣ ਅਤੇ ਇਹ ਯਕੀਨੀ ਬਣਾਉਣ ਕਿ ਕਿਧਰੇ ਵੀ ਖਾਦ ਦੀ ਦੁਰਵਰਤੋਂ ਨਾ ਹੋਵੇ। ਇਸ ਦੇ ਨਾਲ ਹੀ, ਕੁਝ ਜ਼ਿਲ੍ਹਿਆਂ ਵਿੱਚ ਖਾਦ ਦੀ ਨਿਰਧਾਰਿਤ ਗਿਣਤੀ ਤੋਂ ਵੱਧ ਖਪਤ ਪਾਏ ਜਾਣ 'ਤੇ ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਤੋਂ ਜਵਾਬ-ਤਲਬੀ ਵੀ ਕੀਤੀ। ਕਿਸਾਨਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਨਿਰਦੇਸ਼ ਦਿੱਤੇ ਕਿ ਪਿੰਡਾਂ ਵਿੱਚ ਸਥਿਤ ਪ੍ਰਾਇਮਰੀ ਖੇਤੀਬਾੜੀ ਸਹਿਕਾਰੀ ਕਮੇਟੀਆਂ (ਪੈਕਸ) ਵਿੱਚ ਖਾਦ ਦੀ ਸਮੇਂ ਸਿਰ ਸਪਲਾਈ ਕੀਤੀ ਜਾਵੇ, ਤਾਂ ਜੋ ਕਿਸਾਨਾਂ ਨੂੰ ਉਨ੍ਹਾਂ ਦੇ ਘਰ ਦੇ ਨੇੜੇ ਹੀ ਆਸਾਨੀ ਨਾਲ ਖਾਦ ਮਿਲ ਸਕੇ।

ਕਾਲਾਬਾਜ਼ਾਰੀ 'ਤੇ ਪੂਰੀ ਤਰ੍ਹਾਂ ਲਗਾਮ ਲਗਾਉਣ ਦੇ ਉਦੇਸ਼ ਨਾਲ ਸ੍ਰੀ ਰਾਣਾ ਨੇ ਕਿਹਾ ਕਿ 'ਮੇਰੀ ਫਸਲ ਮੇਰਾ ਬਿਓਰਾ' ਪੋਰਟਲ 'ਤੇ ਦਰਜ ਜ਼ਮੀਨ ਦੇ ਅਧਿਕਾਰਤ ਅੰਕੜਿਆਂ ਦੇ ਅਧਾਰ 'ਤੇ ਹੀ ਖਾਦ ਦੀ ਵੰਡ ਕੀਤੀ ਜਾਣੀ ਚਾਹੀਦੀ ਹੈ, ਤਾਂ ਜੋ ਕੋਈ ਵੀ ਗ਼ੈਰ-ਕਿਸਾਨ ਇਸ ਵਿਵਸਥਾ ਦਾ ਨਾਜਾਇਜ਼ ਫ਼ਾਇਦਾ ਨਾ ਚੁੱਕ ਸਕਣ।

ਉਨ੍ਹਾਂ ਨੇ ਇਹ ਵੀ ਸਪੱਸ਼ਟ ਕੀਤਾ ਕਿ ਕੋਈ ਵੀ ਪ੍ਰਾਈਵੇਟ ਡੀਲਰ ਕਿਸਾਨਾਂ ਨੂੰ ਖਾਦ ਦੇ ਨਾਲ ਹੋਰ ਗ਼ੈਰ-ਜ਼ਰੂਰੀ ਸਾਮਾਨ ਜ਼ਬਰਦਸਤੀ ਟੈਗ ਕਰਕੇ ਵੇਚਣ ਦੀ ਕੋਸ਼ਿਸ਼ ਨਾ ਕਰੇ। ਇਸ ਤਰ੍ਹਾਂ ਦੀ ਮਨਮਾਨੀ ਨੂੰ ਰੋਕਣ ਲਈ ਉਨ੍ਹਾਂ ਨੇ ਖੇਤੀਬਾੜੀ ਵਿਕਾਸ ਅਧਿਕਾਰੀਆਂ ਨੂੰ ਸਮੇਂ-ਸਮੇਂ 'ਤੇ ਅਚਾਨਕ ਚੈਕਿੰਗ ਅਤੇ ਜਾਂਚ ਕਰਨ ਦੇ ਆਦੇਸ਼ ਦਿੱਤੇ।

ਇਸ ਤੋਂ ਇਲਾਵਾ, ਸ੍ਰੀ ਸ਼ਿਆਮ ਸਿੰਘ ਰਾਣਾ ਨੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਵਿਜ਼ਨ ਦੇ ਅਨੁਕੂਲ ਚਲਾਈਆਂ ਜਾ ਰਹੀਆਂ 'ਖੇਤ ਬਚਾਓ' ਅਤੇ 'ਕੁਦਰਤੀ ਖੇਤੀ' ਮੁਹਿੰਮਾਂ ਦੀ ਪ੍ਰਗਤੀ ਦੀ ਵੀ ਸਮੀਖਿਆ ਕੀਤੀ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਧਰਾਤਲ 'ਤੇ ਉਤਰ ਕੇ ਕਿਸਾਨਾਂ ਨੂੰ ਦੇਸੀ ਗਾਂ ਦੇ ਗੋਬਰ ਤੋਂ ਤਿਆਰ ਖਾਦ ਅਤੇ ਜੀਵਾਮ੍ਰਿਤ ਦੇ ਫ਼ਾਇਦਿਆਂ ਪ੍ਰਤੀ ਜਾਗਰੂਕ ਕਰਨ। ਇਸ ਮੁਹਿੰਮ ਤਹਿਤ ਆਯੋਜਿਤ ਕੀਤੇ ਜਾ ਰਹੇ ਕਿਸਾਨ-ਕੈਂਪਾਂ ਦੀ ਚਰਚਾ ਕਰਦੇ ਹੋਏ ਉਨ੍ਹਾਂ ਨੇ ਅਧਿਕਾਰੀਆਂ ਨੂੰ ਆਗਾਮੀ 30 ਜੂਨ ਤੱਕ ਨਿਰਧਾਰਿਤ ਟੀਚਿਆਂ ਨੂੰ ਹਰ ਹਾਲ ਵਿੱਚ ਪੂਰਾ ਕਰਨ ਦੀ ਸਮਾਂ-ਸੀਮਾ ਤੈਅ ਕੀਤੀ।

ਸ੍ਰੀ ਸ਼ਿਆਮ ਸਿੰਘ ਰਾਣਾ ਨੇ ਅਧਿਕਾਰੀਆਂ ਨੂੰ ਸਲਾਹ ਦਿੱਤੀ ਕਿ ਉਹ ਕਿਸਾਨਾਂ ਨੂੰ ਲਗਾਤਾਰ ਕੁਦਰਤੀ ਖੇਤੀ ਵੱਲ ਪ੍ਰੇਰਿਤ ਕਰਨ, ਜਿਸ ਨਾਲ ਰਸਾਇਣਕ ਖਾਦਾਂ ਦੀ ਅੰਨ੍ਹੇਵਾਹ ਵਰਤੋਂ ਨੂੰ ਘੱਟ ਕੀਤਾ ਜਾ ਸਕੇ; ਕਿਉਂਕਿ ਇਸ ਨਾਲ ਨਾ ਸਿਰਫ ਖੁਰਾਕ ਪਦਾਰਥਾਂ ਦੀ ਗੁਣਵੱਤਾ ਸ਼ੁੱਧ ਹੋਵੇਗੀ, ਸਗੋਂ ਆਮ ਜਨਤਾ ਨੂੰ ਵੀ ਗੰਭੀਰ ਬੀਮਾਰੀਆਂ ਤੋਂ ਬਚਾਇਆ ਜਾ ਸਕੇਗਾ।

## ਕੇ.ਐਮ.ਪੀ. ਐਕਸਪ੍ਰੈਸਵੇਅ ਵਿਕਸਿਤ ਭਾਰਤ-2047 ਦੀ ਬਣੇਗਾ ਸ਼ਾਨ: ਰਾਓ ਨਰਬੀਰ ਸਿੰਘ

**ਚੰਡੀਗੜ੍ਹ, 17 ਜੂਨ**
**-ਸ਼.ਅ.ਬਿਓਰੋ-**

ਹਰਿਆਣਾ ਦੇ ਉਦਯੋਗ ਅਤੇ ਵਣਜ ਮੰਤਰੀ ਰਾਓ ਨਰਬੀਰ ਸਿੰਘ ਨੇ ਕਹਾ ਕਿ ਲਗਭਗ 135 ਕਿਲੋਮੀਟਰ ਲੰਬਾ ਕੁੰਡਲੀ-ਮਾਨੇਸਰ-ਪਲਵਲ (ਕੇ.ਐਮ.ਪੀ.) ਐਕਸਪ੍ਰੈਸ-ਵੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 'ਵਿਕਸਿਤ ਭਾਰਤ-2047' ਦੇ ਵਿਜ਼ਨ ਨੂੰ ਸਾਕਾਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ ਅਤੇ ਆਉਣ ਵਾਲੇ ਸਮੇਂ ਵਿੱਚ ਇਹ ਰਾਸ਼ਟਰੀ ਰਾਜਧਾਨੀ ਖੇਤਰ ਦੀ ਪਛਾਣ ਅਤੇ ਗੌਰਵ ਦਾ ਪ੍ਰਤੀਕ ਬਣੇਗਾ।



ਉਨ੍ਹਾਂ ਕਿਹਾ ਕਿ ਸਾਲ 2041 ਦੀ ਸੰਭਾਵਿਤ ਆਬਾਦੀ ਅਤੇ ਭਵਿੱਖ ਦੀਆਂ ਵਿਕਾਸ ਲੋੜਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਹਰਿਆਣਾ ਸਰਕਾਰ ਕੇ.ਐਮ.ਪੀ. ਐਕਸਪ੍ਰੈਸ-ਵੇ ਦੇ ਦੋਵੇਂ ਪਾਸੇ ਪੰਜ ਨਵੇਂ ਸ਼ਹਿਰ ਵਿਕਸਿਤ ਕਰਨ ਦੇ ਉਦੇਸ਼ ਨਾਲ 'ਪੰਚਗ੍ਰਾਮ ਵਿਕਾਸ ਅਥਾਰਟੀ' ਦਾ ਗਠਨ ਕਰ ਰਹੀ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੀ ਰਾਸ਼ਟਰੀ ਰਾਜਧਾਨੀ ਖੇਤਰ ਯੋਜਨਾ ਬੋਰਡ ਦੀ ਮੀਟਿੰਗ ਵਿੱਚ ਇਸ ਮਹੱਤਵਪੂਰਣ ਪ੍ਰੋਜੈਕਟ ਦਾ ਮੁੱਦਾ ਚੁੱਕਿਆ ਹੈ।

ਰਾਓ ਨਰਬੀਰ ਸਿੰਘ ਨੇ ਕਿਹਾ ਕਿ ਕੇ.ਐਮ.ਪ. ਐਕਸਪ੍ਰੈਸ-ਵੇ ਹਰਿਆਣਾ ਰਾਜ ਉਦਯੋਗਿਕ ਅਤੇ ਬੁਨਿਆਦੀ ਢਾਂਚਾ ਵਿਕਾਸ ਨਿਗਮ ਦੀ ਇੱਕ ਅਨਮੋਲ ਸੰਪਤੀ ਹੈ। ਰਾਜ ਸਰਕਾਰ ਨੇ ਨਿਵੇਸ਼, ਰੁਜ਼ਗਾਰ ਅਤੇ ਬੁਨਿਆਦੀ ਢਾਂਚੇ ਨੂੰ ਨਵੀਂ ਗਤੀ ਦੇਣ ਲਈ ਉਦਯੋਗਿਕ ਨੀਤੀ ਵਿੱਚ ਲੋੜੀਂਦੀਆਂ ਸੋਧਾਂ ਕੀਤੀਆਂ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵੱਲੋਂ ਸਾਲ 2030 ਤੱਕ 10 ਨਵੀਆਂ ਆਈ.ਐਮ.ਟੀ. ਸਥਾਪਿਤ ਕਰਨ ਦਾ ਐਲਾਨ ਕੀਤਾ ਗਿਆ ਸੀ। ਇਨ੍ਹਾਂ ਵਿੱਚੋਂ ਪੰਜ ਆਈ.ਐਮ.ਟੀ. ਨੂੰ ਮਨਜ਼ੂਰੀ ਮਿਲ ਚੁੱਕੀ ਹੈ ਅਤੇ ਉਨ੍ਹਾਂ ਦੇ ਵਿਕਾਸ ਦੀ ਪ੍ਰਕਿਰਿਆ ਜਾਰੀ ਹੈ। ਪ੍ਰਸਤਾਵਿਤ 10 ਆਈ.ਐਮ.ਟੀ. ਵਿੱਚੋਂ ਤਿੰਨ ਰਾਸ਼ਟਰੀ ਰਾਜਧਾਨੀ ਖੇਤਰ ਵਿੱਚ ਕੇ.ਐਮ.ਪੀ. ਐਕਸਪ੍ਰੈਸ-ਵੇ ਦੇ ਨਾਲ ਵਿਕਸਿਤ ਕੀਤੀਆਂ ਜਾਣਗੀਆਂ।

ਉਦਯੋਗ ਮੰਤਰੀ ਨੇ ਦੱਸਿਆ ਕਿ ਸਾਲ 2026-27 ਦੇ ਲਈ ਉਦਯੋਗ ਵਿਭਾਗ ਦਾ ਬਜਟ 1327.76 ਕਰੋੜ ਰੁਪਏ ਤੋਂ ਵਧਾ ਕੇ 1950.92 ਕਰੋੜ ਰੁਪਏ ਕੀਤਾ ਗਿਆ ਹੈ, ਜੋ ਰਾਜ ਸਰਕਾਰ ਦੀ ਉਦਯੋਗਿਕ ਵਿਕਾਸ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾਣ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

ਉਨ੍ਹਾਂ ਕਿਹਾ ਕਿ ਕੇ.ਐਮ.ਪੀ. ਐਕਸਪ੍ਰੈਸ-ਵੇ ਦੇ ਨਾਲ ਵਿਕਸਿਤ ਹੋਣ ਵਾਲੇ ਪੰਜ ਨਵੇਂ ਸ਼ਹਿਰ 'ਵਿਕਸਿਤ ਭਾਰਤ' ਦੇ ਖਿੱਚ ਦਾ ਕੇਂਦਰ ਬਣਨਗੇ ਅਤੇ ਦਿੱਲੀ 'ਤੇ ਵਧ ਰਹੇ ਆਬਾਦੀ ਤੇ ਟ੍ਰੈਫਿਕ ਦੇ ਦਬਾਅ ਨੂੰ ਘੱਟ ਕਰਨ ਵਿੱਚ ਵੀ ਸਹਾਈ ਸਾਬਤ ਹੋਣਗੇ।

ਉਦਯੋਗ ਮੰਤਰੀ ਨੇ ਕਿਹਾ ਕਿ ਹਰਿਤ ਕ੍ਰਾਂਤੀ ਦਾ ਮੋਹਰੀ ਰਿਹਾ ਖੇਤੀ ਪ੍ਰਧਾਨ ਹਰਿਆਣਾ ਦੇ ਗੁਰੂਗ੍ਰਾਮ ਨੇ ਆਈ.ਟੀ. ਹੱਬ ਵਜੋਂ ਸਥਾਪਿਤ ਬੈਂਗਲੁਰੂ ਅਤੇ ਹੈਦਰਾਬਾਦ ਨੂੰ ਪਿੱਛੇ ਛੱਡ ਕੇ ਆਪਣੀ ਗਲੋਬਲ ਪਛਾਣ ਬਣਾਈ ਹੈ। ਆਉਣ ਵਾਲੇ ਸਮੇਂ ਵਿੱਚ ਜਦੋਂ 10 ਨਵੀਆਂ ਆਈ.ਐਮ.ਟੀ. ਵਿਕਸਿਤ ਹੋਣਗੀਆਂ, ਤਾਂ ਹਰਿਆਣਾ ਯਕੀਨੀ ਹੀ ਦੇਸ਼ ਦੀ ਉਦਯੋਗਿਕ ਕ੍ਰਾਂਤੀ ਦਾ ਸਿਰਮੌਰ ਬਣ ਕੇ ਉਭਰੇਗਾ।














